ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

https://youtu.be/LQwolgxDu7I

awazeqaumtvpunjab@gmail.com

ਸੋਮਵਾਰ, 3 ਮਾਰਚ 2025 (ਨਾਨਕਸ਼ਾਹੀ ਸੰਮਤ : ੫੫੬, ੨੦ ਫੱਗਣ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243

Exclusive News

## 7 ਮਾਰਚ ਨੂੰ ਹੋਵੇਗੀ ਸ਼੍ਰੋਮਣੀ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ

**ਅੰਮ੍ਰਿਤਸਰ, 2 ਮਾਰਚ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ 7 ਮਾਰਚ ਨੂੰ ਹੋਵੇਗੀ। ਸ਼੍ਰੋਮਣੀ ਕਮੇਟੀ ਦਫ਼ਤਰ ਤੋਂ ਜਾਰੀ ਇੱਕ ਪ੍ਰੈਸ ਬਿਆਨ ਰਾਹੀਂ ਇਹ ਜਾਣਕਾਰੀ ਸਾਂਝੀ ਕੀਤੀ ਗਈ ਹੈ। ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਕੁਲਵੰਤ ਸਿੰਘ ਮੰਨਣ ਨੇ ਦੱਸਿਆ ਕਿ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਸ਼੍ਰੋਮਣੀ ਕਮੇਟੀ ਦੇ ਮੁੱਖ ਦਫ਼ਤਰ ਵਿਖੇ 7 ਮਾਰਚ 2025 ਨੂੰ ਸਵੇਰੇ 11 ਵਜੇ ਰੱਖੀ ਗਈ ਹੈ। ਉਨ੍ਹਾਂ ਦੱਸਿਆ ਇਸ ਇਕੱਤਰਤਾ ਵਿੱਚ ਸ਼੍ਰੋਮਣੀ ਕਮੇਟੀ ਦੇ ਆਉਣ ਵਾਲੇ ਬਜਟ ਸਬੰਧੀ ਗਠਿਤ ਸਬ-ਕਮੇਟੀ ਦੀਆਂ ਸਿਫ਼ਾਰਸ਼ਾਂ ਅਤੇ ਸਿੱਖ ਸੰਸਥਾ ਦੇ ਕੰਮਕਾਜ ਨਾਲ ਸਬੰਧਤ ਵਿਚਾਰ ਹੋਵੇਗੀ।

# ਪੰਜਾਬ ਸਰਕਾਰ ਵੱਲੋਂ ਬੁਲਡੋਜ਼ਰ ਕਾਰਵਾਈ ’ਤੇ ਹਾਈਕੋਰਟ ’ਚ ਚੁਣੌਤੀ; 4 ਤਰੀਕ ਨੂੰ ਸੁਣਵਾਈ

**ਚੰਡੀਗੜ੍ਹ, 2 ਮਾਰਚ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਸਰਕਾਰ ਵੱਲੋਂ ਨਸ਼ਾ ਤਸਕਰਾਂ ’ਤੇ ਕੀਤੀ ਜਾ ਰਹੀ ਬੁਲਡੋਜ਼ਰ ਕਾਰਵਾਈ ਦਾ ਮਾਮਲਾ ਹੁਣ ਪੰਜਾਬ ਅਤੇ ਹਰਿਆਣਾ ਹਾਈ ਕੋਰਟ (83) ਤੱਕ ਪਹੁੰਚ ਗਿਆ ਹੈ। ਇਸ ਮਾਮਲੇ ਵਿੱਚ ਦਾਇਰ ਕੀਤੀ ਗਈ ਇੱਕ ਜਨਹਿੱਤ ਪਟੀਸ਼ਨ ਵਿੱਚ ਦਲੀਲ ਦਿੱਤੀ ਗਈ ਹੈ ਕਿ ਨਸ਼ਾ ਤਸਕਰਾਂ ਦੀ ਜਾਇਦਾਦ ਜ਼ਬਤ ਕਰਨਾ ਜਾਇਜ਼ ਹੈ ਪਰ ਇਸਨੂੰ ਢਾਹੁਣਾ ਕਿਸੇ ਵੀ ਪੱਧਰ ’ਤੇ ਜਾਇਜ਼ ਨਹੀਂ ਹੈ। ਸਰਕਾਰ ਦੀ ਇਸ ਕਾਰਵਾਈ ਨੂੰ ਸੁਪਰੀਮ ਕੋਰਟ ਦੇ ਹੁਕਮਾਂ ਦੇ ਵਿਰੁੱਧ ਵੀ ਕਿਹਾ ਗਿਆ ਹੈ। ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਇਸ ਮਾਮਲੇ ਦੀ ਅਗਲੀ ਸੁਣਵਾਈ 4 ਮਾਰਚ ਨੂੰ ਤੈਅ ਕੀਤੀ ਹੈ। ਇਸ ਦੇ ਨਾਲ ਹੀ, ਪੁਲਿਸ ਨੇ ਸ਼ਨੀਵਾਰ ਨੂੰ ਇੱਕ ਦਿਨ ਵਿੱਚ 290 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ। ਪਟੀਸ਼ਨਕਰਤਾ ਨੇ ਅਦਾਲਤ ਵਿੱਚ ਦਲੀਲ ਦਿੱਤੀ ਕਿ ਨਸ਼ੀਲੇ ਪਦਾਰਥਾਂ ਦੀ ਤਸਕਰੀ ਦੀ



ਆਮਦਨ ਤੋਂ ਬਣੀਆਂ ਜਾਇਦਾਦਾਂ ਨੂੰ ਸੀਲ ਕੀਤਾ ਜਾ ਸਕਦਾ ਹੈ ਪਰ ਉਨ੍ਹਾਂ ਨੂੰ ਢਾਹਿਆ ਨਹੀਂ ਜਾ ਸਕਦਾ। ਇਸ ਮਾਮਲੇ ਵਿੱਚ ਪੰਜਾਬ ਸਰਕਾਰ, ਲੁਧਿਆਣਾ ਪ੍ਰਸ਼ਾਸਨ ਅਤੇ ਟਰਾਂਸਪੋਰਟ ਵਿਭਾਗ ਨੂੰ ਧਿਰ ਬਣਾਇਆ ਗਿਆ ਹੈ। ਹੁਣ ਪੰਜਾਬ ਸਰਕਾਰ ਇਸ ਮਾਮਲੇ ਵਿੱਚ ਆਪਣਾ ਜਵਾਬ ਦਾਇਰ ਕਰੇਗੀ। ਹਾਲਾਂਕਿ, ਸਰਕਾਰ ਨੇ ਪਹਿਲਾਂ ਹੀ ਨਸ਼ਾ ਤਸਕਰਾਂ ਅਤੇ ਉਨ੍ਹਾਂ ਨੂੰ ਪਨਾਹ ਦੇਣ ਵਾਲਿਆਂ ਨੂੰ ਚੇਤਾਵਨੀ ਦੇ ਦਿੱਤੀ ਸੀ। ਮੰਤਰੀ ਅਮਨ ਅਰੋੜਾ ਨੇ ਸਪੱਸ਼ਟ ਤੌਰ ’ਤੇ ਕਿਹਾ ਹੈ ਕਿ ਨਸ਼ਾ ਤਸਕਰ ਜਾਂ ਤਾਂ ਪੰਜਾਬ ਛੱਡ ਦੇਣ ਜਾਂ ਫਿਰ ਨਸ਼ੇ ਵੇਚਣੇ ਬੰਦ ਕਰ ਦੇਣ। ਤਸਕਰਾਂ ਨੂੰ ਕਿਸੇ ਵੀ ਕੀਮਤ ’ਤੇ ਬਖਸ਼ਿਆ ਨਹੀਂ ਜਾਵੇਗਾ।

## ਕਿਸਾਨਾਂ ਨੇ ਸੰਘਰਸ਼ ਨੂੰ ਤੇਜ਼ ਕਰਨ ਦੀ ਬਣਾਈ ਨਵੀਂ ਰਣਨੀਤੀ, ਮੁੜ 100 ਕਿਸਾਨਾਂ ਦਾ ਜਥਾ ਕਰੇਗਾ ਭੁੱਖ ਹੜਤਾਲ, ਹੋਣਗੀਆਂ ਮਹਾਂਪੰਚਾਇਤਾਂ

**ਚੰਡੀਗੜ੍ਹ, 2 ਮਾਰਚ (ਆਵਾਜ਼ਿ ਕੌਮ ਬਿਊਰੋ)**-ਪੰਜਾਬ-ਹਰਿਆਣਾ ਦੀ ਸ਼ੰਭੂ ਖਨੌਰੀ ਸਰਹੱਦ ’ਤੇ ਕਿਸਾਨ ਅੰਦੋਲਨ-2.0 ਨੂੰ ਸ਼ੁਰੂ ਹੋਏ ਇੱਕ ਸਾਲ ਤੋਂ ਵੱਧ ਸਮਾਂ ਹੋ ਗਿਆ ਹੈ। ਕਿਸਾਨਾਂ ਅਤੇ ਕੇਂਦਰ ਸਰਕਾਰ ਵਿਚਕਾਰ 7ਵੇਂ ਦੌਰ ਦੀ ਮੀਟਿੰਗ 19 ਮਾਰਚ ਨੂੰ ਚੰਡੀਗੜ੍ਹ ਵਿਖੇ ਹੋਵੇਗੀ। ਇਸ ਤੋਂ ਪਹਿਲਾਂ, ਕਿਸਾਨਾਂ ਨੇ ਅੰਦੋਲਨ ਨੂੰ ਤੇਜ਼ ਕਰਨ ਦੀ ਰਣਨੀਤੀ ਬਣਾਈ ਹੈ। ਜਗਜੀਤ ਸਿੰਘ ਡੱਲੇਵਾਲ ਦੇ ਮਰਨ ਵਰਤ ਨੂੰ 5 ਮਾਰਚ ਨੂੰ 100 ਦਿਨ ਪੂਰੇ ਹੋ ਰਹੇ ਹਨ। ਇਸ ਮੌਕੇ ’ਤੇ 100 ਕਿਸਾਨ ਖਨੌਰੀ ਮੋਰਚੇ ’ਤੇ ਇੱਕ ਦਿਨ ਦੀ ਭੁੱਖ ਹੜਤਾਲ ਕਰਨਗੇ। ਕਿਸਾਨ ਆਗੂਆਂ ਨੇ ਕਿਹਾ ਕਿ ਕੱਲ੍ਹ ਪੰਜਾਬ, ਹਰਿਆਣਾ, ਰਾਜਸਥਾਨ ਅਤੇ ਉੱਤਰ ਪ੍ਰਦੇਸ਼ ਦੇ ਕਈ ਜ਼ਿਲ੍ਹਿਆਂ ਵਿੱਚ ਭਾਰੀ ਗੜੇਮਾਰੀ ਹੋਈ, ਜਿਸ ਕਾਰਨ ਸਰ੍ਹੋਂ ਅਤੇ ਕਣਕ ਦੀ ਫ਼ਸਲ ਨੂੰ ਭਾਰੀ ਨੁਕਸਾਨ ਹੋਇਆ ਹੈ। ਸਰਕਾਰਾਂ ਨੂੰ ਬਿਨਾਂ ਕਿਸੇ ਦੇਰੀ ਦੇ ਸਰਵੇਖਣ ਕਰਵਾਉਣਾ ਚਾਹੀਦਾ ਹੈ ਅਤੇ ਕਿਸਾਨਾਂ ਲਈ ਢੁਕਵਾਂ ਮੁਆਵਜ਼ਾ ਐਲਾਨ ਕਰਨਾ ਚਾਹੀਦਾ ਹੈ।



ਕਿਸਾਨ ਆਗੂਆਂ ਨੇ ਕਿਹਾ ਕਿ 5 ਮਾਰਚ ਨੂੰ ਜਗਜੀਤ ਸਿੰਘ ਡੱਲੇਵਾਲ ਵੱਲੋਂ ਮਰਨ ਵਰਤ ਦੇ 100 ਦਿਨ ਪੂਰੇ ਹੋਣ ’ਤੇ, 100 ਕਿਸਾਨ ਦਾਤਾਸਿੰਘਵਾਲਾ-ਖਨੌਰੀ ਕਿਸਾਨ ਮੋਰਚਾ ਵਿਖੇ ਇੱਕ ਦਿਨ ਦੀ ਪ੍ਰਤੀਕਾਤਮਕ ਭੁੱਖ ਹੜਤਾਲ ਕਰਨਗੇ ਅਤੇ ਇਸ ਦੇ ਨਾਲ ਹੀ, ਕਿਸਾਨ ਦੇਸ਼ ਭਰ ਵਿੱਚ ਜ਼ਿਲ੍ਹਾ/ਤਹਿਸੀਲ ਪੱਧਰ ’ਤੇ ਇੱਕ ਦਿਨ ਦੀ ਪ੍ਰਤੀਕਾਤਮਕ ਭੁੱਖ ਹੜਤਾਲ ਕਰਨਗੇ। ਕਿਸਾਨ ਆਗੂਆਂ ਨੇ ਕਿਹਾ ਕਿ 8 ਮਾਰਚ ਨੂੰ ਅੰਤਰਰਾਸ਼ਟਰੀ ਮਹਿਲਾ ਦਿਵਸ ’ਤੇ, ਐਮਐਸਪੀ ਗਾਰੰਟੀ ਕਾਨੂੰਨ ਦੇ ਮੁੱਦੇ ’ਤੇ ਦਾਤਾਸਿੰਘਵਾਲਾ-ਖਨੌਰੀ, ਸ਼ੰਭੂ ਅਤੇ ਰਤਨਪੁਰਾ ਕਿਸਾਨ ਮੋਰਚਿਆਂ ’ਤੇ ਮਹਿਲਾ ਪੰਚਾਇਤਾਂ ਦਾ ਆਯੋਜਨ ਕੀਤਾ ਜਾਵੇਗਾ। ਕਿਸਾਨ ਆਗੂਆਂ ਨੇ ਕਿਹਾ ਕਿ ਮਾਰਚ ਮਹੀਨੇ ਵਿੱਚ ਦੇਸ਼ ਭਰ ਵਿੱਚ ਸੂਬਾ ਪੱਧਰ ’ਤੇ ਐਮਐਸਪੀ ਗਾਰੰਟੀ ਕਾਨੂੰਨ ਦੇ ਮੁੱਦੇ ’ਤੇ ਮਹਾਂਪੰਚਾਇਤਾਂ ਕੀਤੀਆਂ ਜਾਣਗੀਆਂ।

## ਧਾਮੀ ਨੂੰ ਮਨਾਉਣ ਪਹੁੰਚੇ ਕਮੇਟੀ ਦੇ 5 ਮੈਂਬਰ, ਮੀਟਿੰਗ ਮਗਰੋਂ ਬਲਦੇਵ ਸਿੰਘ ਕਲਿਆਣ ਨੇ ਦਿੱਤਾ ਵੱਡਾ ਬਿਆਨ



**ਹੁਸ਼ਿਆਰਪੁਰ, 2 ਮਾਰਚ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਅਕਾਲ ਤਖ਼ਤ ਸਾਹਿਬ ਵਲੋਂ ਬਣਾਈ ਸੱਤ ਮੈਂਬਰੀ ਕਮੇਟੀ ਵਿਚੋਂ ਪੰਜ ਮੈਂਬਰ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਗ੍ਰਹਿ ਹੁਸ਼ਿਆਰਪੁਰ ਵਿਖੇ ਉਨ੍ਹਾਂ ਨਾਲ ਮੁਲਾਕਾਤ ਕਰਨ ਲਈ ਪਹੁੰਚੇ। ਇਸ ਮੌਕੇ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਰਿਹਾਇਸ਼ ’ਤੇ ਪਹੁੰਚਣ ਵਾਲੇ 5 ਮੈਂਬਰੀ ਕਮੇਟੀ ’ਚ ਬਲਦੇਵ ਸਿੰਘ ਕਲਿਆਣ, ਬਲਦੇਵ ਸਿੰਘ ਕੈਮਪੁਰੀ, ਸੁਰਜੀਤ ਸਿੰਘ ਤੁਗਲਵਾਲ, ਬੀਬੀ ਹਰਜਿੰਦਰ ਕੌਰ ਸ਼ਾਮਲ ਹੋਏ ਹਨ। ਮੀਟਿੰਗ ਖ਼ਤਮ ਹੋਣ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਬਲਦੇਵ ਸਿੰਘ ਨੇ ਕਿਹਾ ਕਿ ਬੜੇ ਹੀ ਸੁਖਾਵੇਂ ਮਾਹੌਲ ਵਿੱਚ ਇਹ ਮੀਟਿੰਗ ਹੋਈ ਹੈ ਅਤੇ ਪਰਮਾਤਮਾ ਅੱਗੇ ਅਰਦਾਸ ਕੀਤੀ ਹੈ ਕਿ ਪ੍ਰਧਾਨ ਜੀ ਜਲਦ ਹੀ ਆਪਣੇ ਅਹੁਦੇ ’ਤੇ ਵਾਪਸ ਮੁੜ ਆਉਣ। ਉਨ੍ਹਾਂ ਕਿਹਾ ਕਿ ਧਾਮੀ ਦੀ ਸਾਫ਼-ਸੁਥਰੇ ਅਕਸ ਕਾਰਨ ਲੋਕ ਉਨ੍ਹਾਂ ਨੂੰ ਬਹੁਤ ਪਿਆਰ ਕਰਦੇ ਹਨ ਅਤੇ ਅਸੀਂ ਵੀ ਇਹੀ ਅਰਦਾਸ ਪਰਮ ਪਿਤਾ ਪਰਮਾਤਮਾ ਅੱਗੇ ਕਰਦੇ ਹਾਂ ਕਿ ਹਰਜਿੰਦਰ ਸਿੰਘ ਧਾਮੀ ਆਉਣ ਵਾਲੇ ਦਿਨਾਂ ਵਿੱਚ ਵਾਪਸ ਮੁੜ ਪੰਥ ਦੀਆਂ ਸੇਵਾਵਾਂ ਕਰਨਗੇ। ਜੇਕਰ ਮੀਟਿੰਗ ਦੀ ਗੱਲ ਕੀਤੀ ਜਾਵੇ ਤਾਂ ਧਾਮੀ ਅਤੇ ਪੰਜ ਮੈਂਬਰਾਂ ਦੇ ਵਿੱਚ ਕਰੀਬ ਇਕ ਘੰਟਾ 10 ਮਿੰਟ ਚੱਲੀ। ਇਸ ਮੀਟਿੰਗ ਦੇ ਵਿੱਚ ਫਿਲਹਾਲ ਅੱਜ ਤੱਕ ਕੋਈ ਫ਼ੈਸਲਾ ਨਹੀਂ ਹੋ ਪਾਇਆ ਹੈ ਪਰ ਬਲਦੇਵ ਸਿੰਘ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਮੀਟਿੰਗ ਦੇ ਵਿੱਚ ਬੜੇ ਹੀ ਸੁਖਾਵੇਂ ਢੰਗ ਦੇ ਨਾਲ ਗੱਲ ਹੋਈ ਹੈ। ਆਉਣ ਵਾਲੇ ਦਿਨਾਂ ਦੇ ਵਿੱਚ ਹੋ ਸਕਦਾ ਹੈ ਹਰਜਿੰਦਰ ਸਿੰਘ ਧਾਮੀ ਆਪਣਾ ਫ਼ੈਸਲਾ ਬਦਲ ਕੇ ਮੁੜ ਆਪਣੇ ਅਹੁਦੇ ’ਤੇ ਬਿਰਾਜਮਾਨ ਹੋਣ ਅਤੇ ਪੰਥ ਦੀਆਂ ਸੇਵਾਵਾਂ ਚਾਲੂ ਰੱਖਣ। ਜ਼ਿਕਰਯੋਗ ਹੈ ਕਿ ਬੀਤੇ ਦਿਨੀਂ ਜਥੇਦਾਰ ਅਕਾਲ ਤਖ਼ਤ ਅਤੇ ਕੇਸਗੜ੍ਹ ਸਾਹਿਬ ਦੇ ਜਥੇਦਾਰਾਂ ਨੇ ਰਜਿੰਦਰ ਸਿੰਘ ਧਾਮੀ ਨਾਲ ਮੁਲਾਕਾਤ ਕੀਤੀ ਸੀ। ਉਨ੍ਹਾਂ ਦੀ ਮੁਲਾਕਾਤ ਇਕ ਘੰਟੇ ਤੋਂ ਵੱਧ ਚੱਲੀ।

## ਅਮਿਤ ਸ਼ਾਹ ਨਾਲ ਮੀਟਿੰਗ ਮਗਰੋਂ ਹਰਕਤ ’ਚ ਆਈ ਪੁਲਿਸ, ਬਿਸ਼ਨੋਈ ਤੇ ਗੋਲਡੀ ਬਰਾੜ ਖ਼ਿਲਾਫ਼ ਤਿਆਰ ਕੀਤੀ ਯੋਜਨਾ

**ਨਵੀਂ ਦਿੱਲੀ, 2 ਮਾਰਚ (ਆਵਾਜ਼ਿ ਕੌਮ ਬਿਊਰੋ)**-ਦਿੱਲੀ ਪੁਲਿਸ ਸੰਗਠਿਤ ਅਪਰਾਧ ਨਾਲ ਨਜਿੱਠਣ ਅਤੇ ਭਾਰਤ ਅਤੇ ਵਿਦੇਸ਼ਾਂ ਦੀਆਂ ਜੇਲ੍ਹਾਂ ਤੋਂ ਕੰਮ ਕਰ ਰਹੇ ਗੈਂਗਸਟਰਾਂ ’ਤੇ ਨਜ਼ਰ ਰੱਖਣ ਲਈ ਯਤਨ ਤੇਜ਼ ਕਰਨ ਦੀ ਯੋਜਨਾ ਬਣਾ ਰਹੀ ਹੈ। ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਵੱਲੋਂ ਕਾਨੂੰਨ ਵਿਵਸਥਾ ’ਤੇ ਉੱਚ-ਪੱਧਰੀ ਸਮੀਖਿਆ ਮੀਟਿੰਗ ਕਰਨ ਤੋਂ ਇੱਕ ਦਿਨ ਬਾਅਦ, ਸ਼ਨੀਵਾਰ ਨੂੰ ਦਿੱਲੀ ਪੁਲਿਸ ਹੈੱਡਕੁਆਰਟਰ ਵਿਖੇ ਉੱਚ ਪੁਲਿਸ ਅਧਿਕਾਰੀਆਂ ਦੀ ਇੱਕ ਮੀਟਿੰਗ ਹੋਈ। ਗ੍ਰਹਿ ਮੰਤਰੀ ਅਮਿਤ ਸ਼ਾਹ ਦੀ ਪ੍ਰਧਾਨਗੀ ਹੇਠ ਹੋਈ ਇਸ ਮੀਟਿੰਗ ਵਿੱਚ ਦਿੱਲੀ ਦੀ ਮੁੱਖ ਮੰਤਰੀ ਰੇਖਾ ਗੁਪਤਾ, ਦਿੱਲੀ ਦੇ ਗ੍ਰਹਿ ਮੰਤਰੀ ਆਸ਼ੀਸ਼ ਸੂਦ ਅਤੇ ਕੇਂਦਰੀ ਗ੍ਰਹਿ ਸਕੱਤਰ ਗੋਵਿੰਦ ਮੋਹਨ ਵੀ ਸ਼ਾਮਲ ਹੋਏ। ਸਮੀਖਿਆ ਰਾਸ਼ਟਰੀ ਰਾਜਧਾਨੀ ਵਿੱਚ ਉੱਭਰ ਰਹੇ ਅਪਰਾਧ ਦ੍ਰਿਸ਼ ਨਾਲ ਨਜਿੱਠਣ ਲਈ ਪੁਲਿਸ ਰਣਨੀਤੀਆਂ ਨੂੰ ਮਜ਼ਬੂਤ ਕਰਨ ’ਤੇ ਕੇਂਦ੍ਰਿਤ ਸੀ। ਸੂਤਰਾਂ ਅਨੁਸਾਰ ਸ਼ਨੀਵਾਰ ਦੀ ਮੀਟਿੰਗ ਵਿੱਚ ਇਹ ਫੈਸਲਾ ਲਿਆ ਗਿਆ ਕਿ ਨਵੇਂ ਅਪਰਾਧੀਆਂ ਦੀ ਸੂਚੀ ਤਿਆਰ ਕੀਤੀ ਜਾਵੇਗੀ ਤੇ ਉਨ੍ਹਾਂ ਦੇ ਨੈੱਟਵਰਕ ਨੂੰ ਖਤਮ ਕਰਨ ਲਈ ਉਪਾਅ ਕੀਤੇ ਜਾਣਗੇ। ਸੂਤਰਾਂ ਅਨੁਸਾਰ, ਕੌਸ਼ਲ ਚੌਧਰੀ ਤੇ ਨੀਰਜ ਬਵਾਨਾ ਵਰਗੇ ਗੈਂਗਸਟਰ, ਜੋ ਜੇਲ੍ਹ ਵਿੱਚ ਹਨ, ਨੂੰ ਸਖ਼ਤ ਨਿਗਰਾਨੀ ਹੇਠ ਰੱਖਿਆ ਜਾਵੇਗਾ। ਵਿਦੇਸ਼ੀ ਥਾਵਾਂ ਤੋਂ ਕੰਮ ਕਰਨ ਵਾਲੇ ਹੋਰ ਲੋਕਾਂ ਜਿਵੇਂ ਕਿ ਅਨਮੋਲ ਬਿਸ਼ਨੋਈ, ਅਰਸ਼ ਡੱਲਾ, ਗੋਲਡੀ ਬਰਾੜ, ਹਿਮਾਂਸ਼ੂ ਭਾਊ, ਲੱਕੀ ਪਟਿਆਲ, ਜੱਗਾ ਧੂਰਕੋਟ, ਵਰਿੰਦਰ ਚਰਨ, ਅਮਰਦੀਪ ਬਿਸ਼ਨੋਈ, ਨੋਨੀ ਰਾਣਾ, ਮਹਿੰਦਰ ਸਹਾਰਨ, ਰਾਹੁਲ, ਮਹਿੰਦਰ ਮੇਘਵੰਸ਼ੀ ਅਤੇ ਨਵੀਨ ਮੁੱਕੇਬਾਜ਼ ’ਤੇ ਵੀ ਨੇੜਿਓਂ ਨਜ਼ਰ ਰੱਖੀ ਜਾਵੇਗੀ। ਇੱਕ ਸੀਨੀਅਰ ਪੁਲਿਸ ਅਧਿਕਾਰੀ ਨੇ ਕਿਹਾ ਕਿ ਅਪਰਾਧਿਕ ਰਿਕਾਰਡ ਵਾਲੇ ਨਾਬਾਲਗਾਂ ਅਤੇ ਇਨ੍ਹਾਂ ਬਦਮਾਸ਼ਾਂ ਨਾਲ ਸਿੱਧੇ ਜਾਂ ਅਸਿੱਧੇ ਸੰਪਰਕ ਵਿੱਚ ਰਹਿਣ ਵਾਲਿਆਂ ’ਤੇ ਵੀ ਨਜ਼ਰ ਰੱਖੀ ਜਾਵੇਗੀ। ਉਨ੍ਹਾਂ ਕਿਹਾ ਕਿ ਪੁਲਿਸ ਘਿਨਾਉਣੇ ਅਪਰਾਧਾਂ ਵਿੱਚ ਸ਼ਾਮਲ ਨਾਬਾਲਗਾਂ ਦੀ ਸੂਚੀ ਤਿਆਰ ਕਰ ਰਹੀ ਹੈ ਤੇ ਉਨ੍ਹਾਂ ’ਤੇ ਬਾਲਗਾਂ ਵਾਂਗ ਮੁਕੱਦਮਾ ਚਲਾਉਣ ਲਈ ਅਦਾਲਤ ਨੂੰ ਸਿਫਾਰਸ਼ ਕਰੇਗੀ। ਅਧਿਕਾਰੀ ਗੈਰ-ਕਾਨੂੰਨੀ ਗਤੀਵਿਧੀਆਂ ਅਤੇ ਸਬੰਧਾਂ ਦੀ ਨਿਗਰਾਨੀ ਕਰਨ ਲਈ ਗੈਂਗਸਟਰਾਂ ਅਤੇ ਉਨ੍ਹਾਂ ਦੇ ਸਾਥੀਆਂ ਦੇ ਸੋਸ਼ਲ ਮੀਡੀਆ ਪ੍ਰੋਫਾਈਲਾਂ ’ਤੇ ਨੇੜਿਓਂ ਨਜ਼ਰ ਰੱਖਣਗੇ। ਅਧਿਕਾਰੀ ਨੇ ਕਿਹਾ, “ਗੈਂਗਸਟਰਾਂ ਦੀ ਮਦਦ ਕਰਨ ਵਾਲੇ ਲੋਕ ਪੁਲਿਸ ਦੇ ਰਾਡਾਰ ’ਤੇ ਹੋਣਗੇ। ਉਨ੍ਹਾਂ ਦੀਆਂ ਗਤੀਵਿਧੀਆਂ ’ਤੇ ਨੇੜਿਓਂ ਨਜ਼ਰ ਰੱਖੀ ਜਾਵੇਗੀ।” ਮੀਟਿੰਗ ਵਿੱਚ ਦਿੱਲੀ ਪੁਲਿਸ ਕਮਿਸ਼ਨਰ, ਵੱਖ-ਵੱਖ ਜ਼ੋਨਾਂ ਦੇ ਵਿਸ਼ੇਸ਼ ਪੁਲਿਸ ਕਮਿਸ਼ਨਰ (ਕਾਨੂੰਨ ਅਤੇ ਵਿਵਸਥਾ), 15 ਪੁਲਿਸ ਜ਼ਿਲ੍ਹਿਆਂ ਦੇ ਸੰਯੁਕਤ ਕਮਿਸ਼ਨਰਾਂ ਅਤੇ ਪੁਲਿਸ ਡਿਪਟੀ ਕਮਿਸ਼ਨਰਾਂ ਅਤੇ ਵੱਖ-ਵੱਖ ਇਕਾਈਆਂ ਦੇ ਪੁਲਿਸ ਡਿਪਟੀ ਕਮਿਸ਼ਨਰਾਂ ਸਮੇਤ ਉੱਚ ਪੁਲਿਸ ਅਧਿਕਾਰੀਆਂ ਨੇ ਲਾਗੂ ਕੀਤੇ ਜਾਣ ਵਾਲੇ ਸੁਰੱਖਿਆ ਉਪਾਵਾਂ ’ਤੇ ਚਰਚਾ ਕੀਤੀ। ਮੁੱਖ ਫੋਕਸ ਖੇਤਰਾਂ ਵਿੱਚ ਗੈਰ-ਕਾਨੂੰਨੀ ਪ੍ਰਵਾਸੀਆਂ ’ਤੇ ਕਾਰਵਾਈ, ਗਲੀ-ਮੁਹੱਲਿਆਂ ਦੇ ਅਪਰਾਧਾਂ ਨੂੰ ਰੋਕਣਾ, ਔਰਤਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣਾ ਅਤੇ ਸੰਗਠਿਤ ਅਪਰਾਧਿਕ ਨੈੱਟਵਰਕਾਂ ਦਾ ਮੁਕਾਬਲਾ ਕਰਨਾ ਸ਼ਾਮਲ ਹੈ।





## ਪੰਜਾਬ ’ਚ ਇੱਕੋ ਦਿਨ ਦੋ ਵੱਡੇ ਐਨਕਾਊਂਟਰ

**ਫਿਰੋਜ਼ਪੁਰ, 2 ਮਾਰਚ (ਆਵਾਜ਼ਿ ਕੌਮ ਬਿਊਰੋ)**-ਪੰਜਾਬ ’ਚ ਐਤਵਾਰ ਨੂੰ ਇੱਕ ਦਿਨ ’ਚ 2 ਐਨਕਾਊਂਟਰ ਹੋਣ ਦੀ ਖ਼ਬਰ ਸਾਹਮਣੇ ਆਈ ਹੈ। ਹੁਣ ਫਿਰੋਜ਼ਪੁਰ ਕੈਂਟ ਦੀ ਦਾਣਾ ਮੰਡੀ ’ਚ ਪੁਲਸ ਅਤੇ ਗੈਂਗਸਟਰਾਂ ਵਿਚਾਲੇ ਮੁਕਾਬਲਾ ਹੋਇਆ ਹੈ। ਇਸ ਫਾਇਰਿੰਗ ’ਚ ਇਕ ਗੈਂਗਸਟਰ ਜ਼ਖਮੀ ਹੋ ਗਿਆ। ਜਾਣਕਾਰੀ ਮੁਤਾਬਕ ਫਿਰੋਜ਼ਪੁਰ ਸੀ. ਆਈ. ਏ. ਸਟਾਫ਼ ਦੀ ਟੀਮ ਨਸ਼ਾ ਤਸਕਰ ਦਾ ਪਿੱਛਾ ਕਰ ਰਹੀ ਸੀ। ਪੁਲਸ ਨੇ ਦਾਣਾ ਮੰਡੀ ’ਚ ਨਸ਼ਾ ਤਸਕਰ ਨੂੰ ਘੇਰ ਲਿਆ, ਜਿਸ ਤੋਂ ਬਾਅਦ ਮੁਲਜ਼ਮ ਨੇ ਪੁਲਸ ’ਤੇ ਫਾਇਰਿੰਗ ਕਰ ਦਿੱਤੀ। ਪੁਲਸ ਨੇ ਵੀ ਜਵਾਬੀ ਕਾਰਵਾਈ ’ਚ ਗੋਲੀਆਂ ਚਲਾਈਆਂ। ਇਕ ਗੋਲੀ ਨਸ਼ਾ ਤਸਕਰ ਬਲਜਿੰਦਰ ਦੀ ਲੱਤ ’ਚ ਵੱਜੀ ਅਤੇ ਉਹ ਜ਼ਖਮੀ ਹੋ ਗਿਆ। ਪੁਲਸ ਸੂਤਰਾਂ ਮੁਤਾਬਕ ਮੌਕੇ ਤੋਂ 114 ਗ੍ਰਾਮ ਹੈਰੋਇਨ ਅਤੇ ਕੁੱਝ ਹਥਿਆਰ ਬਰਾਮਦ ਹੋਏ ਹਨ।

**ਜਲੰਧਰ ’ਚ ਹੋਇਆ ਐਨਕਾਊਂਟਰ** : ਦੱਸਣਯੋਗ ਹੈ ਕਿ ਇਸ ਤੋਂ ਪਹਿਲਾਂ ਜਲੰਧਰ ਦੇ ਸੁੱਚੀ ਪਿੰਡ ਦੇ ਕੋਲ ਸੋਨੂੰ ਖੱਤਰੀ ਗੈਂਗ ਦੇ ਦੋ ਗੈਂਗਸਟਰਰਾਂ ਅਤੇ ਪੁਲਸ ਕਮਿਸ਼ਨਰੇਟ ਵਿਚਾਲੇ ਫਾਇਰਿੰਗ ਹੋ ਗਈ। ਪੁਲਸ ਨੇ ਦੋ ਗੈਂਗਸਟਰਾਂ ਨੂੰ ਗੋਲ਼ੀਆਂ ਮਾਰ ਦਿੱਤੀਆਂ। ਹਾਲਾਂਕਿ ਦੋਹਾਂ ਦੀ ਹਾਲਤ ਖ਼ਤਰੇ ਤੋਂ ਬਾਹਰ ਦੱਸੀ ਜਾ ਰਹੀ ਹੈ। ਪੁਲਸ ਕਮਿਸ਼ਨਰ ਧਨਪ੍ਰੀਤ ਸਿੰਘ ਨੇ ਦੱਸਿਆ ਕਿ ਸੀ. ਆਈ. ਏ. ਸਟਾਫ਼ ਨੂੰ ਸਵੇਰੇ ਸੂਚਨਾ ਮਿਲੀ ਸੀ ਕਿ ਸੁੱਚੀ ਪਿੰਡ ਸ਼ਮਸ਼ਾਨਘਾਟ ਦੇ ਕੋਲ ਗੈਂਗਸਟਰ ਲੁਕੇ ਹੋਏ ਹਨ। ਪੁਲਸ ਪਾਰਟੀ ਨੇ ਰੇਡ ਕਰਕੇ ਉਨ੍ਹਾਂ ਨੂੰ ਫੜ੍ਹਨਾ ਚਾਹਿਆ ਤਾਂ ਦੋਸ਼ੀਆਂ ਨੇ ਫਾਇਰਿੰਗ ਕਰ ਦਿੱਤੀ। ਇਸ ਦੌਰਾਨ ਪੁਲਸ ਨੇ ਵੀ ਗੋਲ਼ੀਆਂ ਚਲਾ ਦਿੱਤੀਆਂ, ਜਿਸ ਵਿਚ ਦੋ ਗੈਂਗਸਟਰ ਜ਼ਖ਼ਮੀ ਹੋ ਗਏ।

## ਸੇਵਾ ਕਰ ਕੇ ਘਰ ਆ ਰਹੇ ਬਜ਼ੁਰਗ ਜੋੜੇ ’ਤੇ ਚੱਲੀਆਂ ਅੰਨ੍ਹੇਵਾਹ ਗੋਲੀਆਂ, ਹੋਈ ਮੌਤ

**ਗੁਰਦਾਸਪੁਰ, 2 ਮਾਰਚ (ਆਵਾਜ਼ਿ ਕੌਮ ਬਿਊਰੋ)**-ਬੀਤੀ ਰਾਤ ਡੇਰਾ ਬਾਬਾ ਨਾਨਕ ਦੇ ਪਿੰਡ ਸਰਵਾਲੀ ਵਿਖੇ ਲੰਗਰ ਦੀ ਸੇਵਾ ਕਰਕੇ ਘਰ ਵਾਪਸ ਪਰਤ ਰਹੇ ਬਜ਼ੁਰਗ ਜੋੜੇ ’ਤੇ ਕੁਝ ਅਣਪਛਾਤੇ ਲੋਕਾਂ ਵੱਲੋਂ ਫਾਇਰਿੰਗ ਕੀਤੀ ਗਈ। ਇਸ ਦੌਰਾਨ ਗੋਲੀ ਬਜ਼ੁਰਗ ਵਿਅਕਤੀ ਨੂੰ ਜਾ ਲੱਗੀ, ਜਿਸ ਕਾਰਨ ਉਸ ਦੀ ਮੌਕੇ ’ਤੇ ਮੌਤ ਹੋ ਗਈ ਅਤੇ ਬਜ਼ੁਰਗ ਔਰਤ ਗੰਭੀਰ ਜ਼ਖ਼ਮੀ ਹੋ ਗਈ। ਇਸ ਦੌਰਾਨ ਔਰਤ ਦੀ ਹਾਲਤ ਨੂੰ ਗੰਭੀਰ ਦੇਖਦੇ ਹੋਏ ਉਸ ਨੂੰ ਅੰਮ੍ਰਿਤਸਰ ਦੇ ਹਸਪਤਾਲ ਰੈਫਰ ਕੀਤਾ ਗਿਆ। ਸਰਪੰਚ ਨਾਲ ਗੱਲ ਕੀਤੀ ਤਾਂ ਉਨ੍ਹਾਂ ਨੇ ਕਿਹਾ ਕਿ ਇਹ ਬਜ਼ੁਰਗ ਜੋੜਾ ਲੰਗਰ ਦੀ ਸੇਵਾ ਕਰਕੇ ਆਪਣੇ ਘਰ ਪਰਤ ਰਿਹਾ ਸੀ ਕਿ ਕੁਛ ਅਣਪਛਾਤਿਆਂ ਵੱਲੋਂ ਇਨ੍ਹਾਂ ’ਤੇ ਗੋਲੀ ਚਲਾ ਦਿੱਤੀ ਜੋ ਗੋਲੀ ਬਜ਼ੁਰਗ ਵਿਅਕਤੀ ਨੂੰ ਜਾ ਲੱਗੀ ਅਤੇ ਉਸ ਦੀ ਮੌਤ ਹੋ ਗਈ। ਬਜ਼ੁਰਗ ਔਰਤ ਦੀ ਹਾਲਤ ਜ਼ਿਆਦਾ ਗੰਭੀਰ ਹੋਣ ਕਾਰਨ ਹਸਪਤਾਲ ਦਾਖ਼ਲ ਹੈ।




# Pakistan Gurdwara Yatra

**28th October to 7th November 2025**

**Yatra Includes 25+ Gurudwara Sahib Darshan.**

**Accommodation in hotels and travel within Pakistan and Yatra Start to Finish Point in AC Coaches**

ਪਾਕਿਸਤਾਨ
ਵਿਖੇ ਸ੍ਰੀ ਨਨਕਾਣਾ ਸਾਹਿਬ
ਤੋਂ ਇਲਾਵਾ 25 ਹੋਰ
ਗੁਰਦੁਆਰਾ ਸਾਹਿਬਾਨ ਦੇ ਦਰਸ਼ਨ
**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

**Note: It does not include flight ticket and insurance, it has to be done by the passenger himself.**

ਜਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

**ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।**

★-- ਗੁਰੂ ਪੰਥ ਦੇ ਸੇਵਾਦਾਰ --★

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death

Sant Jarnail Singh Ji Khalsa Bhindranwale

www.damdamitaksal.net





ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi

ਗਤਕਾ ਸਿੱਖੋ Learn Gatka

www.damdamitaksal.net



ਆਵਾਜ਼ਿ ਕੌਮ
Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I
Contact :
+447458381111
+447976210161
+919729091243





ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫਤਹਿ | ਅੰਮ੍ਰਿਤ ਛਕੋ ਸਿੰਘ ਸਜੋ - ਨਸ਼ੇ ਛੱਡੋ ਕੋਹੜ ਵੱਡੋ | ਪੰਥ ਕੀ ਜੀਤ

## ਖਾਲਸਾ ਸਾਜਨਾ ਦਿਵਸ ਦੇ ਸਬੰਧ ਵਿੱਚ ਤਿੰਨ ਰੋਜ਼ਾ

# ਮਹਾਨ ਗੁਰਮਤਿ ਸਮਾਗਮ

ਗੁਰਦੁਆਰਾ ਸ੍ਰੀ ਨਾਮਦੇਵ ਭਵਨ, ਅਕਾਲਸਰ ਰੋਡ, ਮੋਗਾ ਵਿਖੇ ਮਿਤੀ 25-26-27 ਮਾਰਚ, 2025 ਦਿਨ ਮੰਗਲਵਾਰ, ਬੁੱਧਵਾਰ ਅਤੇ ਵੀਰਵਾਰ ਸ਼ਾਮ 6.00 ਤੋਂ 9.15 ਵਜੇ ਤੱਕ ਦੀਵਾਨ ਸਜਾਏ ਜਾਣਗੇ । ਜਿਸ ਵਿੱਚ ਪੰਥ ਦੇ ਮਹਾਨ ਕੀਰਤਨ, ਕਥਾ ਵਾਚਕ, ਢਾਡੀ, ਕਵਿਸ਼ਰੀ ਸਿੰਘ ਹਾਜ਼ਰੀਆਂ ਭਰਨਗੇ ਇਸ ਹੋ ਰਹੇ ਮਹਾਨ ਗੁਰਮਤਿ ਸਮਾਗਮ ਵਿੱਚ ਪਹੁੰਚ ਕੇ ਲਾਹੇ ਪ੍ਰਾਪਤ ਕਰੋ ਜੀ ।

**ਮਿਤੀ 25 ਮਾਰਚ, 2025**
ਦਿਨ ਮੰਗਲਵਾਰ
ਰਹਿਰਾਸ ਸਾਹਿਬ --- 6:00 ਤੋਂ 6:30 ਵਜੇ ਤੱਕ
ਕੀਰਤਨ --- 6:30 ਤੋਂ 7:00 ਵਜੇ ਤੱਕ
(ਕੀਰਤਨ ਭਾਈ ਸੋਹਣ ਸਿੰਘ ਹਜ਼ੂਰੀ ਜੱਥਾ)
ਕਵਿਸ਼ਰੀ --- 7:00 ਤੋਂ 7:40 ਵਜੇ ਤੱਕ
(ਭਾਈ ਵਰਿਆਮ ਸਿੰਘ ਸਲੀਣਾ ਕਵਿਸ਼ਰੀ ਜੱਥਾ)
ਕਥਾ --- 7:40 ਤੋਂ 9:15 ਵਜੇ ਤੱਕ
(ਪੰਥ ਦੇ ਮਹਾਨ ਕਥਾ ਵਾਚਕ ਗਿਆਨੀ ਨਿਰਮਲ ਸਿੰਘ ਧੂਲਕੋਟ)

**ਮਿਤੀ 26 ਮਾਰਚ, 2025**
ਦਿਨ ਬੁੱਧਵਾਰ
ਰਹਿਰਾਸ ਸਾਹਿਬ --- 6:00 ਤੋਂ 6:30 ਵਜੇ ਤੱਕ
ਕੀਰਤਨ --- 6:30 ਤੋਂ 7:00 ਵਜੇ ਤੱਕ
(ਕੀਰਤਨ ਭਾਈ ਸੋਹਣ ਸਿੰਘ ਹਜ਼ੂਰੀ ਜੱਥਾ)
ਕਵਿਸ਼ਰੀ --- 7:00 ਤੋਂ 7:40 ਵਜੇ ਤੱਕ
(ਭਾਈ ਵਰਿਆਮ ਸਿੰਘ ਸਲੀਣਾ ਕਵਿਸ਼ਰੀ ਜੱਥਾ)
ਢਾਡੀ --- 7:40 ਤੋਂ 9:15 ਵਜੇ ਤੱਕ
(ਭਾਈ ਸੁਖਵਿੰਦਰ ਸਿੰਘ ਢਾਡੀ ਜੱਥਾ)

**ਮਿਤੀ 27 ਮਾਰਚ, 2025**
ਦਿਨ ਵੀਰਵਾਰ
ਰਹਿਰਾਸ ਸਾਹਿਬ --- 6:00 ਤੋਂ 6:30 ਵਜੇ ਤੱਕ
ਕੀਰਤਨ --- 6:30 ਤੋਂ 7:00 ਵਜੇ ਤੱਕ
(ਕੀਰਤਨ ਭਾਈ ਸੋਹਣ ਸਿੰਘ ਹਜ਼ੂਰੀ ਜੱਥਾ)
ਕਵਿਸ਼ਰੀ --- 7:00 ਤੋਂ 7:40 ਵਜੇ ਤੱਕ
(ਭਾਈ ਵਰਿਆਮ ਸਿੰਘ ਸਲੀਣਾ ਕਵਿਸ਼ਰੀ ਜੱਥਾ)
ਢਾਡੀ --- 7:40 ਤੋਂ 9:15 ਵਜੇ ਤੱਕ
(ਪੰਥ ਦੇ ਮਹਾਨ ਕਥਾ ਵਾਚਕ ਗਿਆਨੀ ਸੁਖਦੇਵ ਸਿੰਘ ਛੱਲਾ)



ਪੰਥ ਦੇ ਮਹਾਨ ਕਥਾ ਵਾਚਕ
ਗਿਆਨੀ ਸੁਖਦੇਵ ਸਿੰਘ ਛੱਲਾ







ਪੰਥ ਦੇ ਮਹਾਨ ਕਥਾ ਵਾਚਕ
ਗਿਆਨੀ ਨਿਰਮਲ ਸਿੰਘ ਧੂਲਕੋਟ

ਅੰਮ੍ਰਿਤ ਛਕੋ ਸਿੰਘ ਸਜੋ - ਧੰਨ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ
ਧੰਨ ਧੰਨ ਮਾਤਾ ਸਾਹਿਬ ਕੌਰ ਜੀ ਦੇ ਪੁੱਤਰੋ ਧੀਓ ਅੰਮ੍ਰਿਤ ਧਾਰੀ ਹੋ ਕੇ ਜੀਓ।

ਮਿਤੀ 28 ਮਾਰਚ, 2025 ਦਿਨ ਸ਼ੁਕਰਵਾਰ ਨੂੰ ਸਵੇਰੇ 11:30 ਵਜੇ ਮਹਾਨ ਅੰਮ੍ਰਿਤ ਸੰਚਾਰ ਹੋਵੇਗਾ। ਅੰਮ੍ਰਿਤ ਅਭਿਲਾਖੀ ਪ੍ਰਾਣੀ ਕੇਸੀ ਇਸ਼ਨਾਨ ਕਰਕੇ ਸਮੇਂ ਸਿਰ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ। ਕਕਾਰਾਂ ਦੀ ਸੇਵਾ ਫਰੀ ਕੀਤੀ ਜਾਵੇਗੀ।

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ :
ਭਾਈ ਗੁਰਮੀਤ ਸਿੰਘ ਸਲੀਣਾ (UK) 73409-17046
ਭਾਈ ਹਰਮੇਲ ਸਿੰਘ ਮੋਗਾ 94171-39213

**ਗੁਰੂ ਕਾ ਲੰਗਰ ਅਤੁੱਟ ਵਰਤੇਗਾ**

ਵੱਲੋਂ : ਗੁਰਦੁਆਰਾ ਨਾਮਦੇਵ ਭਵਨ ਪ੍ਰਬੰਧਕੀ ਕਮੇਟੀ, ਮੋਗਾ
ਮੋ: 99156-86386

ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੁ ਕੋਟਿ ਪੈਂਡਾ ਆਗੇ ਹੋਏ ਲੇਤ ਹੈ ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 28 ਅਕਤੂਬਰ 2025 ਤੋਂ 7 ਨਵੰਬਰ 2025 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

**Note: It does not include flight ticket and insurance, it has to be done by the passenger himself.**

ਜਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਲਗਜ਼ਰੀ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

- ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।
- ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।

**BOOK YOUR SEATS NOW**

★-- ਗੁਰੂ ਪੰਥ ਦੇ ਸੇਵਾਦਾਰ --★

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿੰਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

Website : www.nsycuk.com
E-mail : gnstuk@hotmail.com

ਆਵਾਜ਼ਿ ਕੌਮ AWAZE QAUM International Newspaper & WEB TV

ਵਾਹਿਗੁਰੂ ਜੀ ਕਾ ਖਾਲਸਾ।
ਵਾਹਿਗੁਰੂ ਜੀ ਕੀ ਫਤਿਹ॥

# 6 ਮਾਰਚ ਦਿਨ ਵੀਰਵਾਰ ਨੂੰ ਸਵੇਰੇ 9 ਵਜੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਗੁਰੂ ਰਾਮਦਾਸ ਪਾਤਿਸ਼ਾਹ ਜੀਆਂ ਦੇ ਲੰਗਰਾਂ ਵਿੱਚ ਸੇਵਾ ਕੀਤੀ ਜਾਵੇਗੀ



ਇੰਟਰਨੈਸ਼ਨਲ ਪੰਥਕ ਦਲ ਦੇ ਸਾਰੇ ਅਹੁਦੇਦਾਰ ਤੇ ਵਰਕਰ ਸਾਹਿਬਾਨਾਂ ਨੂੰ ਬੇਨਤੀ ਹੈ ਕਿ ਵੀਹਵੀਂ ਸਦੀ ਦੇ ਮਹਾਨ ਜਰਨੈਲ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੇ ਭਤੀਜੇ ਸਾਬਕਾ ਜੱਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਬਾਨੀ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ ਜੀਆਂ ਦੇ ਹੁਕਮ ਅਨੁਸਾਰ ਹਰੇਕ ਮਹੀਨੇ ਜੋ ਗੁਰੂ ਰਾਮਦਾਸ ਸਾਹਿਬ ਮਹਾਰਾਜ ਜੀਆਂ ਦੇ ਲੰਗਰਾਂ ਵਿੱਚ ਸੇਵਾ ਕੀਤੀ ਜਾਂਦੀ ਹੈ,ਇਸ ਵਾਰ 6 ਮਾਰਚ ਦਿਨ ਵੀਰਵਾਰ ਨੂੰ ਸਵੇਰੇ 9 ਵਜੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਗੁਰੂ ਰਾਮਦਾਸ ਪਾਤਿਸ਼ਾਹ ਜੀਆਂ ਦੇ ਲੰਗਰਾਂ ਵਿੱਚ ਸੇਵਾ ਕੀਤੀ ਜਾਵੇਗੀ।



ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਖਾਲਸਾ, ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ

ਇੰਟਰਨੈਸ਼ਨਲ ਪੰਥਕ ਦਲ
INTERNATIONAL PANTHIC DAL

**ਸਾਰੇ ਅਹੁਦੇਦਾਰ ਤੇ ਵਰਕਰ ਸਾਹਿਬਾਨਾਂ ਨੇ ਸਮੇਂ ਸਿਰ ਪਹੁੰਚ ਕੇ ਹੱਥੀਂ ਸੇਵਾ ਕਰਕੇ ਗੁਰੂ ਰਾਮਦਾਸ ਪਾਤਿਸ਼ਾਹ ਜੀਆਂ ਦੀਆਂ ਖੁਸ਼ੀਆਂ ਪ੍ਰਾਪਤ ਕਰਨੀਆਂ ਜੀ**



ਜੱਥੇਦਾਰ ਦਲੀਪ ਸਿੰਘ ਚਕਰ
ਆਲ ਇੰਡੀਆ ਕਨਵੀਨਰ
ਇੰਟਰਨੈਸ਼ਨਲ ਪੰਥਕ ਦਲ

★ ਬੇਨਤੀ ਕਰਤਾ ★

**ਜੱਥੇਦਾਰ ਦਲੀਪ ਸਿੰਘ ਚਕਰ**
**ਆਲ ਇੰਡੀਆ ਕਨਵੀਨਰ ਇੰਟਰਨੈਸ਼ਨਲ ਪੰਥਕ ਦਲ**

ਆਵਾਜ਼ਿ ਕੌਮ AWAZE QAUM International Newspaper & WEB TV

### ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਵੱਲੋਂ

# ਅੰਤਰਰਾਸ਼ਟਰੀ ਮਾਂ ਬੋਲੀ ਨੂੰ ਸਮਰਪਿਤ ਵਿਸ਼ਾਲ ਕਵੀ ਦਰਬਾਰ



**ਚੌਕ ਮਹਿਤਾ, 2 ਮਾਰਚ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਅੱਜ ਇੱਥੇ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਵੱਲੋਂ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਸਹਿਯੋਗ ਨਾਲ ਅੰਤਰਰਾਸ਼ਟਰੀ ਮਾਂ ਬੋਲੀ ਨੂੰ ਸਮਰਪਿਤ ਇਕ ਵਿਸ਼ਾਲ ਕਵੀ ਦਰਬਾਰ ਮੀਟਿੰਗ ਹਾਲ ਬਾਬਾ ਮੱਖਣ ਸਾਹ ਲੁਬਾਣਾ ਸਰਾਂ, ਬਾਬਾ ਬਕਾਲਾ ਸਾਹਿਬ ਵਿਖੇ ਕਰਵਾਇਆ ਗਿਆ । ਇਸ ਮੌਕੇ ਸਾਬਕਾ ਵਿਧਾਇਕ ਜਥੇਦਾਰ ਬਲਜੀਤ ਸਿੰਘ ਜਲਾਲ ਉਸਮਾਂ, ਜਥੇਦਾਰ ਅਮਰਜੀਤ ਸਿੰਘ ਭਲਾਈਪੁਰ, ਜਥੇਦਾਰ ਅਮਰੀਕ ਸਿੰਘ ਵਿਛੋਆ, ਜਥੇਦਾਰ ਅਮਰਜੀਤ ਸਿੰਘ ਬੰਡਾਲਾ (ਸਾਰੇ ਮੈਂਬਰ ਸ਼੍ਰੋਮਣੀ ਕਮੇਟੀ) ਅਤੇ ਮੈਨੇਜਰ ਭਾਈ ਗੁਰਪ੍ਰੀਤ ਸਿੰਘ ਮੱਲੇਵਾਲ ਵਿਸ਼ੇਸ਼ ਮਹਿਮਾਨ ਵਜੋਂ ਪੁੱਜੇ, ਜਦਕਿ ਪ੍ਰਧਾਨਗੀ ਮੰਡਲ ਵਿੱਚ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਮੀਤ ਪ੍ਰਧਾਨ ਸ਼ੇਲੰਦਿਰਜੀਤ ਸਿੰਘ ਰਾਜਨ, ਕਾਰਜਕਾਰਨੀ ਮੈਂਬਰ ਡਾ: ਪਰਮਜੀਤ ਸਿੰਘ ਬਾਠ, ਕਾਰਜਕਾਰਨੀ ਮੈਂਬਰ ਮਾ: ਮਨਜੀਤ ਸਿੰਘ ਵੱਸੀ, ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਦੇ ਸਰਪ੍ਰਸਤ ਪ੍ਰਿੰਸੀਪਲ ਰਘਬੀਰ ਸਿੰਘ ਸੋਹਲ, ਪ੍ਰਧਾਨ ਸੰਤੋਖ ਸਿੰਘ ਗੁਰਾਇਆ, ਸੀਨੀਅਰ ਪ੍ਰਧਾਨ ਮੱਖਣ ਸਿੰਘ ਭੈਣੀਵਾਲਾ, ਸੁਖਦੇਵ ਸਿੰਘ ਭੁੱਲਰ ਸਾਬਕਾ ਸੀਨੀਅਰ ਮੈਨੇਜਰ ਪੰਜਾਬ ਸਕੂਲ ਸਿਖਿਆ ਬੋਰਡ ਮੋਹਾਲੀ, ਸ: ਅਵਤਾਰ ਸਿੰਘ ਗੋਇੰਦਵਾਲ ਜਨਰਲ ਸਕੱਤਰ ਸ਼੍ਰੋਮਣੀ ਪੰਜਾਬੀ ਸਾਹਿਤ ਸਭਾ ਜੰਡਿਆਲਾ ਗੁਰੂ ਅਤੇ ਸਰਪੰਚ ਗੁਰਪ੍ਰਤਾਪ ਸਿੰਘ ਭਿੱਲਾ ਸਠਿਆਲਾ ਆਦਿ ਸੁਸ਼ੋਭਿਤ ਹੋਏ । ਇਸ ਮੌਕੇ ਪੰਜਾਬੀ ਮਾਂ ਬੋਲੀ ਨੂੰ ਸਮਰਪਿਤ ਸੇਵਾਵਾਂ ਨਿਭਾਉਣ ਵਾਲੀਆਂ ਸਾਹਿਤ ਸਭਾਵਾਂ ਦੇ ਮੁਖੀ ਸਾਹਿਬਾਨ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ, ਜਿਸ ਵਿੱਚ ਪ੍ਰਿੰ: ਇੰਦਰਜੀਤ ਕੌਰ ਸੋਹਲ ਯਾਦਗਾਰੀ ਐਵਾਰਡ ਮੈਡਮ ਗੁਰਜੀਤ ਕੌਰ ਅਜਨਾਲਾ (ਸੰਚਾਲਕ ਕਲਮਾਂ ਦਾ ਕਾਫਲਾ) ਨੂੰ, ਪ੍ਰਿੰਸੀਪਲ ਸੇਵਾ ਸਿੰਘ ਕੌੜਾ ਯਾਦਗਾਰੀ ਐਵਾਰਡ ਪ੍ਰੋ: ਦਲਬੀਰ ਸਿੰਘ ਰਿਆੜ (ਚੇਅਰਮੈਨ ਪੰਜਾਬੀ ਲਿਖਾਰੀ ਸਭਾ ਜਲੰਧਰ) ਨੂੰ, ਗਿ: ਬਚਨ ਸਿੰਘ ਪ੍ਰੀਤਮ ਯਾਦਗਾਰੀ ਐਵਾਰਡ ਸ: ਅਤਰ ਸਿੰਘ ਤਰਸਿੱਕਾ (ਪ੍ਰਧਾਨ ਪੰਜਾਬੀ ਸਾਹਿਤ ਸਭਾ ਤਰਸਿੱਕਾ) ਨੂੰ ਅਤੇ ਬਲਬੀਰ ਸਿੰਘ ਫੁੱਲ ਯਾਦਗਾਰੀ ਐਵਾਰਡ ਸ: ਸੁਖਦੇਵ ਸਿੰਘ ਗੰਡਵਾਂ (ਮੀਤ ਪ੍ਰਧਾਨ ਪੰਜਾਬ ਸਾਹਿਤਕ ਮੰਚ, ਜਲੰਧਰ) ਨੂੰ ਦੇਕੇ ਸਨਮਾਨਿਤ ਕੀਤਾ ਗਿਆ । ਮੰਚ ਸੰਚਾਲਨ ਦੇ ਫਰਜ਼ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਦੇ ਮੁੱਖ ਸੰਚਾਲਕ ਸ਼ੇਲੰਦਿਰਜੀਤ ਸਿੰਘ ਰਾਜਨ ਨੇ ਬਾਖੂਬੀ ਨਿਭਾਏ । ਇਸ ਮੌਕੇ ਸ਼ਾਇਰ ਸ: ਸੁਖਦੇਵ ਸਿੰਘ ਗੰਡਵਾਂ ਦੀ ਦੂਸਰੀ ਕਾਵਿ ਪੁਸਤਕ "ਧਰਤੀ ਪੰਜਾਬ ਦੀਏ" ਨੂੰ ਸਮੁੱਚੇ ਪ੍ਰਧਾਨਗੀ ਮੰਡਲ ਵੱਲੋਂ ਲੋਕ ਅਰਪਿਤ ਕੀਤਾ ਗਿਆ । ਉਪਰੰਤ ਹੋਏ ਕਵੀ ਦਰਬਾਰ ਵਿੱਚ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ (ਮਹਿਲਾ) ਵਿੰਗ ਦੀ ਪ੍ਰਧਾਨ ਸੁਖਵੰਤ ਕੌਰ ਵੱਸੀ, ਰਾਜਵਿੰਦਰ ਕੌਰ ਰਾਜ, ਹਰਵਿੰਦਰਜੀਤ ਕੌਰ ਬਾਠ, ਸਾਹਿਬਾਂ ਜੀਟਨ ਕੌਰ ਜਲੰਧਰ, ਸੁਰਿੰਦਰ ਖਿਲਚੀਆਂ, ਲਾਲੀ ਕਰਤਾਰਪੁਰੀ, ਮੁਖਤਾਰ ਸਿੰਘ ਗਿੱਲ, ਹਿੰਦ ਗਹਿਰੀ ਮੰਡੀ, ਡਾ: ਮਨੋਜ ਫਗਵਾੜਵੀ, ਨਵਦੀਪ ਸਿੰਘ ਬਦੇਸ਼ਾ, ਸੁਲੱਖਣ ਸਿੰਘ ਦਿਓਲ, ਸਕੱਤਰ ਸਿੰਘ ਪੁਰੇਵਾਲ, ਨਾਨਕ ਚੰਦ ਵਿਰਲੀ, ਡਾ: ਕੁਲਵੰਤ ਸਿੰਘ ਬਾਠ, ਪ੍ਰਿੰ: ਸੁਰਿੰਦਰ ਮੋਹਣ, ਦਵਿੰਦਰ ਸਿੰਘ, ਕਾਲੇ ਸ਼ਾਹ ਟਾਂਗਰਾ, ਲਛਮਣ ਸਿੰਘ, ਮਾ: ਬਲਬੀਰ ਸਿੰਘ ਬੋਲੇਵਾਲ, ਬਲਵਿੰਦਰ ਸਿੰਘ ਅਠੌਲਾ, ਅਜੀਤ ਸਿੰਘ ਸਠਿਆਲਵੀ, ਪ੍ਰੋ: ਬਾਊ ਕੇਵਲ ਬਿਆਸ, ਪ੍ਰਗਟ ਸਿੰਘ ਤਿੰਮੋਵਾਲ, ਆਦਿ ਨੇ ਕਾਵਿ ਰਚਨਾਵਾਂ ਰਾਹੀਂ ਚੰਗਾ ਰੰਗਾ ਬੰਨਿਆ।

**☛ ਮਾਂ ਬੋਲੀ ਨੂੰ ਸਮਰਪਿਤ ਸੇਵਾਵਾਂ ਨਿਭਾਉਣ ਵਾਲੀਆਂ ਸਖਸ਼ੀਅਤਾਂ ਨੂੰ ਕੀਤਾ ਸਨਮਾਨਿਤ**
**☛ ਪ੍ਰੋ : ਰਿਆੜ, ਤਰਸਿੱਕਾ, ਗੰਡਵਾਂ, ਮੈਡਮ ਅਜਨਾਲਾ ਐਵਾਰਡਾਂ ਨਾਲ ਸਨਮਾਨਿਤ**

ਆਵਾਜ਼ਿ ਕੌਮ AWAZE QAUM International Newspaper & WEB TV

### ਉਤਰਾਖੰਡ ਵਿਚ ਬੱਦਲ ਫੱਟਣ ਨਾਲ ਹੋਏ ਜਾਨੀ-ਮਾਲੀ ਨੁਕਸਾਨ ਦਾ ਅਫਸੋਸ

# ਗੁਰਦੁਆਰਾ ਸ੍ਰੀ ਹੇਮਕੁੰਟ ਟਰੱਸਟ ਪੀੜ੍ਹਤਾਂ ਦੀ ਮਦਦ ਕਰਨ ਦੀ ਜਿੰਮੇਵਾਰੀ ਨਿਭਾਏ : ਮਾਨ



**ਨਵੀਂ ਦਿੱਲੀ, 2 ਮਾਰਚ (ਮਨਪ੍ਰੀਤ ਸਿੰਘ ਖਾਲਸਾ)**:- "ਉਤਰਾਖੰਡ ਦੇ ਚਮੋਲੀ ਜ਼ਿਲ੍ਹੇ ਵਿਚ ਕੁਦਰਤ ਦੇ ਬੱਦਲ ਫੱਟਣ ਦੀ ਬਦੌਲਤ ਵੱਡਾ ਜਾਨੀ-ਮਾਲੀ ਨੁਕਸਾਨ ਹੋਇਆ ਹੈ । ਇਸ ਹੋਏ ਨੁਕਸਾਨ ਉਤੇ ਜਿਨ੍ਹਾਂ ਪਰਿਵਾਰਾਂ ਦੇ ਮੈਬਰ ਉਨ੍ਹਾਂ ਤੋ ਵਿਛੜ ਗਏ ਹਨ ਅਤੇ ਹੋਰ ਨੁਕਸਾਨ ਹੋਇਆ ਹੈ, ਅਸੀ ਉਨ੍ਹਾਂ ਪਰਿਵਾਰਾਂ ਨਾਲ ਹਮਦਰਦੀ ਪ੍ਰਗਟ ਕਰਦੇ ਹੋਏ ਵਿਛੜੀਆ ਆਤਮਾਵਾ ਦੀ ਸ਼ਾਂਤੀ ਲਈ ਜਿਥੇ ਅਰਦਾਸ ਕਰਦੇ ਹਾਂ, ਉਥੇ ਉਨ੍ਹਾਂ ਦੇ ਇਸ ਦੁੱਖ ਵਿਚ ਸਰੀਕ ਹੁੰਦੇ ਹੋਏ ਗਹਿਰੇ ਦੁੱਖ ਦਾ ਪ੍ਰਗਟਾਵਾ ਵੀ ਕਰਦੇ ਹਾਂ ।" ਇਹ ਵਿਚਾਰ ਸ. ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਉਤਰਾਖੰਡ ਦੇ ਚਮੋਲੀ ਜ਼ਿਲ੍ਹੇ ਦੇ ਇਲਾਕੇ ਵਿਚ ਜਿਥੇ ਕਿ ਖਾਲਸਾ ਪੰਥ ਦੇ ਸ੍ਰੀ ਹੇਮਕੁੰਟ ਸਾਹਿਬ ਨਾਲ ਸੰਬੰਧਤ ਗੁਰੂਘਰ ਹਨ, ਉਥੇ ਬੱਦਲ ਫੱਟਣ ਦੀ ਬਦੌਲਤ ਹੋਏ ਜਾਨੀ-ਮਾਲੀ ਨੁਕਸਾਨ ਤੇ ਗਹਿਰਾ ਦੁੱਖ ਜਾਹਰ ਕਰਦੇ ਹੋਏ ਅਤੇ ਵਿਛੜੀਆ ਆਤਮਾਵਾ ਦੀ ਸ਼ਾਂਤੀ ਲਈ ਅਰਦਾਸ ਕਰਦੇ ਹੋਏ ਪੀੜ੍ਹਤ ਪਰਿਵਾਰਾਂ ਨਾਲ ਹਮਦਰਦੀ ਜਾਹਰ ਕਰਦੇ ਹੋਏ ਪ੍ਰਗਟ ਕੀਤੇ। ਉਨ੍ਹਾਂ ਕਿਹਾ ਕਿ ਜਦੋ ਕਦੇ ਵੀ ਕਿਸੇ ਵੀ ਸਥਾਂਨ ਤੇ ਇੰਡੀਆ ਜਾਂ ਬਾਹਰਲੇ ਮੁਲਕਾਂ ਵਿਚ ਅਜਿਹੇ ਕੁਦਰਤੀ ਆਫਤਾ ਕਾਰਨ ਮਨੁੱਖਤਾ ਦਾ ਜਾਨੀ ਜਾਂ ਮਾਲੀ ਨੁਕਸਾਨ ਹੁੰਦਾ ਹੈ ਤਾਂ ਸਿੱਖ ਕੌਮ ਆਪਣੇ ਸਰਬੱਤ ਦੇ ਭਲੇ ਦੀ ਸੋਚ ਅਧੀਨ ਅਜਿਹੇ ਦੁੱਖ ਦੀ ਘੜੀ ਵਿਚ ਪੀੜ੍ਹਤ ਪਰਿਵਾਰਾਂ ਦੀ ਹਰ ਤਰ੍ਹਾਂ ਮਦਦ ਕਰਨ ਤੋ ਕਦੀ ਵੀ ਪਿੱਛੇ ਨਹੀ ਹੱਟੀ ਬਲਕਿ ਆਪਣੇ ਇਨਸਾਨੀ ਗੁਣਾਂ ਨੂੰ ਪੂਰਨ ਕਰਦੀ ਹੋਈ ਹਰ ਖੇਤਰ ਵਿਚ ਆਪਣੇ ਆਪ ਨੂੰ ਜੋਖਮ ਵਿਚ ਪਾ ਕੇ ਆਪਣੇ ਫਰਜਾਂ ਦੀ ਪੂਰਤੀ ਕਰਦੀ ਹੈ । ਇਸ ਲਈ ਕਿਉਂਕਿ ਇਹ ਉਤਰਾਖੰਡ ਚਮੋਲੀ ਜਿਲ੍ਹੇ ਵਿਖੇ ਗੁਰਦੁਆਰਾ ਸ੍ਰੀ ਹੇਮਕੁੰਟ ਟਰੱਸਟ ਦਾ ਖੇਤਰ ਹੈ ਇਸ ਲਈ ਮੈ ਸਿੱਖ ਕੌਮ ਦੇ ਬਿਨ੍ਹਾਂ ਤੇ ਆਪਣੇ ਮਿਸਨ ਸਰਬੱਤ ਦੇ ਭਲੇ ਅਨੁਸਾਰ ਹੇਮਕੁੰਟ ਟਰੱਸਟ ਦੇ ਟਰੱਸਟੀ ਮੈਬਰਾਂ, ਪ੍ਰਬੰਧਕਾਂ ਅਤੇ ਸਿੱਖ ਕੌਮ ਨੂੰ ਅਪੀਲ ਕਰਨੀ ਚਾਹਵਾਂਗਾ ਕਿ ਉਹ ਇਸ ਦੁੱਖ ਦੀ ਘੜੀ ਵਿਚ ਪੀੜ੍ਹਤ ਪਰਿਵਾਰਾਂ ਦੀ ਖੁੱਲ੍ਹੇ ਦਿਲ ਨਾਲ ਮਦਦ ਕਰਨ ਤਾਂ ਕਿ ਖਾਲਸਾ ਪੰਥ ਦੀ ਮਨੁੱਖਤਾ ਪੱਖੀ ਸੋਚ ਦਾ ਹਰ ਪੱਧਰ ਤੇ ਪ੍ਰਚਾਰ ਤੇ ਪ੍ਰਸਾਰ ਵੀ ਹੋ ਸਕੇ ਅਤੇ ਸਾਡੀ ਸਿੱਖੀ ਸਿਧਾਤਾਂ ਤੇ ਸੋਚ ਤੋ ਸਮੁੱਚੇ ਵਰਗਾਂ ਦੇ ਨਿਵਾਸੀਆ ਨੂੰ ਹੋਰ ਵਧੇਰੇ ਜਾਣਕਾਰੀ ਮਿਲ ਸਕੇ । ਉਨ੍ਹਾਂ ਉਮੀਦ ਪ੍ਰਗਟ ਕੀਤੀ ਕਿ ਸਿੱਖ ਕੌਮ ਇਹ ਆਪਣੀ ਜਿੰਮੇਵਾਰੀ ਪੂਰਨ ਕਰੇਗੀ ।

ਆਵਾਜ਼ਿ ਕੌਮ AWAZE QAUM International Newspaper & WEB TV

### ਮਾਰਕਿਟ ਕਮੇਟੀ ਸ਼ੇਰਪੁਰ ਅਧੀਨ ਪੈਂਦੀਆਂ

# ਸੜਕਾਂ ਦਾ ਨਿਰਮਾਣ ਜਲਦੀ ਸ਼ੁਰੂ ਹੋਵੇਗਾ : ਚੇਅਰਮੈਨ ਰਾਜਵਿੰਦਰ ਸਿੰਘ

**ਸ਼ੇਰਪੁਰ ( ਰਣਜੀਤ ਸਿੰਘ ਪੇਧਨੀ )**-ਮਾਰਕੀਟ ਕਮੇਟੀ ਸ਼ੇਰਪੁਰ ਦੇ ਨਵ ਨਿਯੁਕਤ ਚੇਅਰਮੈਨ ਸਰਪੰਚ ਰਾਜਵਿੰਦਰ ਸਿੰਘ ਰਾਜ ਤੋਂ ਇਲਾਕੇ ਦੇ ਲੋਕਾਂ ਨੂੰ ਵੱਡੀਆਂ ਉਮੀਦਾਂ ਹਨ ਉਨਾਂ ਅੱਜ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਚੇਅਰਮੈਨ ਰਾਜ ਨੇ ਕਿਹਾ ਕਿ ਮੁੱਖ ਮੰਤਰੀ ਸ, ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ 'ਆਪ' ਦੀ ਪੰਜਾਬ ਸਰਕਾਰ ਸੂਬੇ ਦੇ ਸਰਬਪੱਖੀ ਵਿਕਾਸ ਲਈ ਪੂਰੀ ਤਰ੍ਹਾਂ ਤਰ੍ਹਾਂ ਨਾਲ ਵਚਨਬੱਧ ਹੈ । ਉਹਨਾਂ ਕਿਹਾ ਕਿ ਜਲਦ ਹੀ ਲੋਕਾਂ ਦੀਆਂ ਚਿਰਾਂ ਤੋਂ ਲਟਕਦੀਆਂ ਆ ਰਹੀਆਂ ਮੰਗਾਂ ਨੂੰ ਪੂਰਾ ਕਰਨ ਦੇ ਇਰਾਦੇ ਨਾਲ ਵਿਧਾਇਕ ਕੁਲਵੰਤ ਸਿੰਘ ਪੰਡੋਰੀ, ਲਘੂ ਉਦਯੋਗ ਨਿਗਮ ਦੇ ਚੇਅਰਮੈਨ ਦਲਬੀਰ ਸਿੰਘ ਢਿੱਲੋਂ ਦੀ ਰਹਿਨੁਮਾਈ ਹੇਠ ਉਹ ਮਾਰਕੀਟ ਕਮੇਟੀ ਸ਼ੇਰਪੁਰ ਅਧੀਨ ਪਿੰਡਾਂ ਦੇ ਲੋਕਾਂ ਨੂੰ ਆਵਾਜਾਈ ਲਈ ਮਿਆਰੀ ਸੜਕਾਂ ਮਹੁਈਆ ਕਰਵਾਉਣਗੇ ਜਿਨਾਂ ਵਿੱਚ ਧੂਰੀ ਸ਼ੇਰਪੁਰ ਰੋਡ ਤੋਂ ਘਨੌਰ ਕਲਾਂ ਤੋਂ ਘਨੌਰ ਖੁਰਦ ਤੋਂ ਬਮਾਲ, ਸ਼ੇਰਪੁਰ ਤੋਂ ਰਾਮ ਨਗਰ ਛੰਨਾ, ਘਨੌਰ ਕਲਾਂ ਤੋਂ ਘਨੌਰੀ ਖੁਰਦ ਵਾਇਆ ਘਨੌਰੀ ਕਲਾਂ ਫਿਰਨੀ ਸੁਲਤਾਨਪੁਰ, ਸਲੇਮਪੁਰ ਸ਼ੇਰਪੁਰ ਰੋਡ ਤੋਂ ਅਲਾਲ ਗੁਰਦੁਆਰਾ ਮੰਜੀ ਸਾਹਿਬ ਪਾਤਸ਼ਾਹੀ ਨੌਵੀਂ ਦਸਵੀਂ ਵਾਇਆ ਇਤਿਹਾਸਕ ਪਿੰਡ ਮੂਲੋਵਾਲ ਤੋਂ ਇਲਾਵਾ ਹੋਰ ਵੀ ਸੜਕਾਂ ਦਾ ਨਿਰਮਾਣ ਅਪ੍ਰੈਲ ਮਹੀਨੇ ਵਿੱਚ ਸ਼ੁਰੂ ਹੋ ਜਾਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV



# ਬਾਬਾ ਕੁੰਦਨ ਸਿੰਘ ਜੀ ਦੀ 100 ਸਾਲਾ ਜਨਮ ਸ਼ਤਾਬਦੀ ਨੂੰ ਸਮਰਪਿਤ 101 ਅਖੰਡ ਪਾਠ ਸਾਹਿਬ ਦੇ ਪਾਠਾਂ ਦੀ ਲੜੀ ਦੀ ਹੋਈ ਸ਼ੁਰੂਆਤ ਅੱਜ ਤੋਂ

### ਰੋਜਾਨਾ 12 ਵਜੇ ਤੋਂ 2 ਵਜੇ ਤੱਕ ਭਾਈ ਅਮਨਦੀਪ ਸਿੰਘ ਜੀ ਬੀਬੀ ਕੋਲਾ ਵਾਲੇ ਕਥਾ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕਰਨਗੇ



**ਚੌਕ ਮਹਿਤਾ, 2 ਮਾਰਚ (ਬਾਬਾ ਸੁਖਵੰਤ ਸਿੰਘ ਚੰਨਣਕੇ)** -ਬਾਬਾ ਦੀਪ ਸਿੰਘ ਚੈਰੀਟੇਬਲ ਟਰੱਸਟ, ਅੱਡਾ ਬਾਉਲੀ, ਰਾਮ ਤੀਰਥ ਰੋਡ,ਸ਼੍ਰੀ ਅੰਮ੍ਰਿਤਸਰ ਦੇ ਮੁਖ ਪ੍ਰਬੰਧਕ ਭਾਈ ਗੁਰਇਕਬਾਲ ਸਿੰਘ ਅਤੇ ਭਾਈ ਅਮਨਦੀਪ ਸਿੰਘ ਜੀ ਦੀ ਰਹਿਨੁਮਾਈ ਹੇਠ ਬਾਬਾ ਕੁੰਦਨ ਸਿੰਘ ਜੀ ਦੀ 100 ਸਾਲਾ ਜਨਮ ਸ਼ਤਾਬਦੀ ਨੂੰ ਮਨਾਉਂਦੇ ਹੋਏ ਮਹਾਨ ਇਕੋਤਰੀ ਸਮਾਗਮ 101 ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅਖੰਡ ਪਾਠ ਸਾਹਿਬ 3 ਮਾਰਚ ਤੋਂ 27 ਮਾਰਚ ਤੱਕ ਦਾਤਾ ਬੰਦੀ ਛੋੜ ਪਬਲਿਕ ਸਕੂਲ ਰਾਮ ਤੀਰਥ ਰੋਡ, ਅੰਮ੍ਰਿਤਸਰ ਵਿਖੇ ਕਰਵਾਏ ਜਾ ਰਹੇ ਹਨ। ਅੱਜ ਮਹਾਨ ਇਕੋਤਰੀ ਸਮਾਗਮ ਦੀ ਪਹਿਲੀ ਲੜੀ 'ਚ 13 ਸ੍ਰੀ ਅਖੰਡ ਪਾਠ ਸਾਹਿਬ ਦੇ ਪਾਠ ਅਰਦਾਸ ਕਰਕੇ ਆਰੰਭ ਕੀਤੇ ਗਏ ।ਜਾਣਕਾਰੀ ਦੇਂਦੇ ਹੋਏ ਭਾਈ ਅਮਨਦੀਪ ਸਿੰਘ ਨੇ ਦੱਸਿਆ ਇਹ ਗੁਰਬਾਣੀ ਦਾ ਜੱਗ 3 ਮਾਰਚ ਤੋਂ 27 ਮਾਰਚ ਤੱਕ ਚੱਲੇਗਾ। ਜਿਸ ਵਿੱਚ ਰੋਜਾਨਾ ਦੁਪਹਿਰ 12:00 ਵਜੇ ਤੋਂ 2 ਵਜੇ ਤੱਕ ਕਥਾ ਕੀਰਤਨ ਦੇ ਦੀਵਾਨ ਸੱਜਣਗੇ। ਮਿਤੀ 27 ਮਾਰਚ ਦਿਨ ਵੀਰਵਾਰ ਦੁਪਹਿਰ 12 ਵਜੇ ਬੱਚਿਆਂ ਦੀ ਸਮੂਹਿਕ ਦਸਤਾਰ ਬੰਦੀ ਹੋਵੇਗੀ। ਮਿਤੀ 27 ਮਾਰਚ ਦਿਨ ਵੀਰਵਾਰ ਨੂੰ ਅੰਮ੍ਰਿਤ ਸੰਚਾਰ ਸਵੇਰੇ 10:00 ਵਜੇ ਹੋਵੇਗਾ ਅਤੇ ਉਪਰੰਤ ਜਪ ਤਪ ਸਮਾਗਮ ਹੋਣਗੇ। ਇਹਨਾਂ ਸਮਾਗਮਾਂ ਵਿੱਚ ਸਿੰਘ ਸਾਹਿਬਾਨ, ਸੰਤ ਮਹਾਂਪੁਰਸ਼, ਗੁਰੂ ਘਰ ਦੇ ਕੀਰਤਨੀਏ ਸੰਗਤਾਂ ਦੇ ਦਰਸ਼ਨ ਕਰਨਗੇ ।ਵਿਸ਼ੇਸ਼ ਨੋਟ ਬੱਚਿਆਂ ਨੂੰ ਦਸਤਾਰਬੰਦੀ ਲਈ ਦਸਤਾਰਾਂ ਵੀ ਟਰੱਸਟ ਵੱਲੋਂ ਦਿੱਤੀਆਂ ਜਾਣਗੀਆਂ ।ਭਾਈ ਸਾਹਿਬ ਵੱਲੋਂ ਸਮੂਹ ਦੇਸ਼ਾਂ ਵਿਦੇਸ਼ਾਂ ਦੀਆਂ ਸੰਗਤਾਂ ਨੂੰ ਬੇਨਤੀ ਪਰਿਵਾਰਾਂ ਸਮੇਤ ਪਹੁੰਚ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰੋ।

ਆਵਾਜ਼ਿ ਕੌਮ AWAZE QAUM International Newspaper & WEB TV

# ਗੁਰਦੁਆਰਾ ਬੰਗਲਾ ਸਾਹਿਬ ਵਿਖ਼ੇ ਵਾਪਰੀ ਨਿੰਦਣਯੋਗ ਘਟਨਾ ਦੇ ਦੋਸ਼ੀਆਂ ਵਿਰੁੱਧ ਸਖ਼ਤ ਕਾਰਵਾਈ ਦੀ ਮੰਗ: ਕਰਤਾਰ ਸਿੰਘ ਚਾਵਲਾ



ਨਵੀਂ ਦਿੱਲੀ 2 ਮਾਰਚ (ਮਨਪ੍ਰੀਤ ਸਿੰਘ ਖਾਲਸਾ):- ਦਿੱਲੀ ਦੇ ਇਕ ਗੁਰਦੁਆਰਾ ਸਾਹਿਬ ਅੰਦਰ ਕੀਤੇ ਗਏ ਪੰਥ ਪ੍ਰਮਾਣਿਤ ਅਰਦਾਸ ਉਪਰ ਹਮਲੇ ਦੀ ਚਰਚਾ ਅਜੇ ਰੁਕੀ ਨਹੀਂ ਹੈਂ ਉਪਰੰਤ ਬੀਤੇ ਕਲ ਗੁਰਦੁਆਰਾ ਬੰਗਲਾ ਸਾਹਿਬ ਵਿਖ਼ੇ ਸਰਾਂ ਅੰਦਰ ਸ਼ਰਾਬ ਦਾ ਸੇਵਨ ਕੀਤੇ ਜਾਣ ਦੀ ਖ਼ਬਰ ਫੈਲਦਿਆਂ ਸਿੱਖ ਪੰਥ ਦੇ ਹਿਰਦੇ ਮੁੜ ਵਲੂੰਧਰੇ ਗਏ ਹਨ । ਇਸ ਬਾਰੇ ਜਾਣਕਾਰੀ ਦੇਂਦਿਆਂ ਸ਼੍ਰੋਮਣੀ ਅਕਾਲੀ ਦਲ ਦਿੱਲੀ ਦੇ ਪ੍ਰਧਾਨ ਸਰਦਾਰ ਕਰਤਾਰ ਸਿੰਘ ਵਿਕੀ ਚਾਵਲਾ ਨੇ ਦਸਿਆ ਕਿ ਗੁਰਦੁਆਰਾ ਬੰਗਲਾ ਸਾਹਿਬ ਦੀ ਸਰਾਂ ਵਿਚ ਕਮੇਟੀ ਦੇ ਇਕ ਉੱਚ ਮੈਂਬਰ ਨੇ ਕਮਰਾ ਦਿਵਾਇਆ ਸੀ । ਸਵੇਰੇ ਕਮਰੇ ਵਿੱਚੋ ਅਵਾਜ਼ਾਂ ਆਣ ਕਰਕੇ ਸੇਵਾਦਾਰਾਂ ਨੇ ਕਮਰੇ ਦੀ ਤਲਾਸ਼ੀ ਲਈ ਤਦ ਪਤਾ ਲਗਿਆ ਕਿ ਓਥੇ ਓਹ ਲੋਕ ਸ਼ਰਾਬ ਦਾ ਸੇਵਨ ਕਰ ਰਹੇ ਸਨ ਤੇ ਮੌਕੇ ਤੇ ਮੌਜੂਦ ਸੇਵਾਦਾਰਾਂ ਨੇ ਪੁਖਤਾ ਸਬੂਤ ਬਨਾਣ ਲਈ ਮਾਮਲੇ ਦੀ ਵੀਡੀਓ ਵੀ ਬਣਾ ਲਈਆਂ । ਸਰਦਾਰ ਚਾਵਲਾ ਨੇ ਕਿਹਾ ਕਿ ਅਸੀਂ ਇਸ ਘਟਨਾ ਦੀ ਸਖ਼ਤ ਨਿਖੇਧੀ ਕਰਦੇ ਹਾਂ ਤੇ ਜੱਥੇਦਾਰ ਅਕਾਲ ਤਖਤ ਸਾਹਿਬ ਕੋਲੋਂ ਮੰਗ ਕਰਦੇ ਹਾਂ ਕਿ ਮੌਕੇ ਤੇ ਮੌਜੂਦ ਸੇਵਾਦਾਰਾਂ ਕੋਲੋਂ ਮਾਮਲੇ ਦੀ ਜਾਣਕਾਰੀ ਅਤੇ ਉਨ੍ਹਾਂ ਵਲੋਂ ਬਣਾਈ ਵੀਡੀਓ ਨੂੰ ਆਧਾਰ ਬਣਾ ਕੇ ਇਸ ਮਾਮਲੇ ਦੀ ਜਾਂਚ ਕਰਵਾ ਕੇ ਦੋਸ਼ੀਆਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਏ ਜਿਸ ਨਾਲ ਅੱਗੇ ਤੋ ਇਸ ਤਰ੍ਹਾਂ ਦੀ ਘਟਨਾ ਨਾ ਵਾਪਰ ਸਕੇ ਅਤੇ ਇਸ ਮਾਮਲੇ ਬਾਰੇ ਦਿੱਲੀ ਗੁਰਦੁਆਰਾ ਕਮੇਟੀ ਦੇ ਪ੍ਰਧਾਨ ਅਤੇ ਸਕੱਤਰ ਨੂੰ ਆਪਣਾ ਪੱਖ ਪੇਸ਼ ਕਰਣਾ ਚਾਹੀਦਾ ਹੈਂ।

ਆਵਾਜ਼ਿ ਕੌਮ AWAZE QAUM International Newspaper & WEB TV

## ਕਵਿਤਾ

ਵਕਤ ਮਾੜੇ ਤੇ ਸਭ ਕੁਝ ਝੱਲਣਾ ਪੈਂਦਾ ਹੈ।
ਜਦ ਗੁੱਸਾ ਆਵੇ ਸੋਚਕੇ ਟਲਣਾ ਪੈਂਦਾ ਹੈ।
ਕੀਹਦਾ-ਕੀਹਦਾ ਮੂੰਹ, ਕਿੱਥੇ ਬੰਦ ਕਰਲੋਂਗੇ
ਕੁਝ ਮਰਜੀ ਕਰਲੋ, ਕੀਹਨੂੰ ਕੀਹਨੂੰ ਖੁਸ਼ ਕਰਲੋਂਗੇ
ਵੱਟ ਮਨ ਦੇ ਵਿਚ ਹੀ ਦੱਬਣੀ ਪੈਂਦੀ ਘੂਰੀ ਏ
ਬਾਹਲੇ ਸਿਆਣੇ ਕੋਲ ਵੀ, ਬੱਚੇ ਛੇਤੀ ਖੇਡਦੇ ਨਹੀਂ
ਥੋੜਾ ਬੇਵਕੂਫ ਬਣਨਾ ਬੜਾ ਜ਼ਰੂਰੀ ਏ।

ਕਈ ਵਾਰੀ ਮਨ ਜ਼ਿਆਦਾ ਭਾਵੁਕ ਹੋ ਜਾਂਦਾ
ਬੋਲ ਕਬੋਲਾਂ ਨਾਲ ਵੀ ਬੰਦਾ ਮੋਹ ਜਾਂਦਾ
ਭਾਵੇਂ ਜਿਨਾ ਚੰਗਾ ਕਰਲੋ, ਚੰਗਾ ਕਹਿਣਾ ਨਹੀਂ
ਫਿਰ ਸੋਚੀਦਾ ਇਹ ਸੋਚਾਂ ਦੇ ਵਿੱਚ ਪੈਣਾ ਨਹੀਂ
ਫਿਰ ਸੋਚ ਲੈਣੇ ਆ ਕਾਹਤੋਂ ਪਾਉਣੀ ਦੂਰੀ ਏ
ਬਾਹਲੇ ਸਿਆਣੇ ਕੋਲ ਵੀ, ਬੱਚੇ ਛੇਤੀ ਖੇਡਦੇ ਨਹੀਂ
ਥੋੜਾ ਬੇਵਕੂਫ ਬਣਨਾ ਬੜਾ ਜ਼ਰੂਰੀ ਏ।

ਕੁੱਤੇ ਦੀ ਪੂਛ ਦੇ ਵਰਗੇ,
ਵੇਖੇ ਵਿਚਰਕੇ ਅੱਜ ਦੇ ਰਿਸ਼ਤੇ ਨੇ
ਜੋ ਆਪਣੇ-ਆਪਣਿਆਂ ਦੇ ਨਹੀਂ ਬਣਦੇ
ਤੇ ਦੂਜਿਆਂ ਦੇ ਲਈ ਫ਼ਰਿਸ਼ਤੇ ਨੇ
ਇੱਕ ਝੂਠਾ ਸੱਚਾ ਹੋਣ ਲਈ,
ਕੋਈ ਇਲਜ਼ਾਮ ਵੀ ਲਾ ਸਕਦਾ
ਜਦ ਕਹਿਣੀ ਹੋਵੇ ਆਪਣੀ ਗੱਲ,
ਉਹ ਕਿਸੇ ਵੀ ਹੱਦ ਤੇ ਆ ਸਕਦਾ
ਬੇਸ਼ੱਕ ਇਹ ਗੱਲ ਥੋੜੀ ਚੁਭਣੀ ਹੈ,
ਪਰ ਸੱਚੀ ਗੱਲ ਇਹ ਪੂਰੀ ਏ

ਬਾਹਲੇ ਸਿਆਣੇ ਕੋਲ ਵੀ, ਬੱਚੇ ਛੇਤੀ ਖੇਡਦੇ ਨਹੀਂ
ਥੋੜਾ ਬੇਵਕੂਫ ਬਣਨਾ ਬੜਾ ਜ਼ਰੂਰੀ ਏ।
ਰਿਸ਼ਤੇ ਨਾਤੇ ਸਾਂਭਕੇ, ਥਾਂ-ਥਾਂ ਰੱਖੇ ਸੀ
ਭਾਵੇਂ ਚੰਗੇ ਮੰਦੇ, ਨਾਂ ਪਰਦੇ ਚੱਕੇ ਸੀ
ਜਦ ਦੂਜਾ ਬੰਦਾ ਥਾਂ-ਥਾਂ ਭੰਡੀ ਜਾਂਦਾ ਏ
ਗੱਲ ਇਹ ਵੀ ਮਾੜੀ, ਨਾਲ ਬੈਠ ਵੀ ਖਾਂਦਾ ਏ
ਬੰਦ ਕਲਮ ਹੁਣ ਕਰਦੇ ਲਾਲੀ, ਗੱਲ ਭਾਵੇਂ ਅਜੇ ਅਧੂਰੀ ਏ
ਬਾਹਲੇ ਸਿਆਣੇ ਕੋਲ ਵੀ ,ਬੱਚੇ ਛੇਤੀ ਖੇਡਦੇ ਨਹੀਂ
ਥੋੜਾ ਬੇਵਕੂਫ ਬਣਨਾ ਬੜਾ ਜ਼ਰੂਰੀ ਏ।

ਆਵਾਜ਼ਿ ਕੌਮ AWAZE QAUM International Newspaper & WEB TV



ਲੇਖਕ: ਲਾਲੀ ਗੋਸਲ

### ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਨੂੰ ਸਮਰਪਿਤ ਗੁਰਮਤਿ ਸਮਾਗਮ' ਕਰਵਾਏ ਗਏ

# ਸੈਂਕੜੇ ਸੰਗਤਾਂ ਨੇ ਹਾਜ਼ਰੀ ਲਗਵਾਈ: ਭਾਈ ਵਿਰਸਾ ਸਿੰਘ ਖਾਲਸਾ

**ਜੰਡਿਆਲਾ ਗੁਰੂ, 2 ਮਾਰਚ ( ਕੁਲਵੰਤ ਸਿੰਘ ਵਿਰਦੀ)**-ਪਿੰਡ ਪੱਦੀ ਜਗੀਰ ਗੋਰਾਇਆ ਫਿਲੌਰ ਵਿਖੇ ਸਮੂਹ ਨਗਰ ਦੇ ਵੱਡੇ ਉਪਰਾਲੇ ਨਾਲ ਗੁਰੂ ਰਵਿਦਾਸ ਮਹਾਰਾਜ ਜੀ ਨੂੰ ਸਮਰਪਿਤ ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਰਹਿਨੁਮਾਈ ਹੇਠ ਇੱਕ ਵੱਡਾ ਗੁਰਮਤਿ ਸਮਾਗਮ ਕਰਵਾਇਆ ,ਜਿਸ ਵਿੱਚ ਸੰਤ ਸਮਾਜ਼ ਦੇ ਮੁੱਖ ਬੁਲਾਰੇ ਤੇ ਗੁਰਦੁਆਰਾ ਸਿੰਘਾਂ ਸ਼ਹੀਦਾਂ ਆਲੋਵਾਲ ਫਿਲੌਰ ਦੇ ਮੁੱਖੀ ਸੰਤ ਬਾਬਾ ਸੁਖਵਿੰਦਰ ਸਿੰਘ ਜੀ ਨੇ ਵਿਸ਼ੇਸ਼ ਤੌਰ ਤੇ ਪੁੱਜਕੇ ਕਲਯੁਗ ਮੇ ਕੀਰਤਨ ਪ੍ਰਧਾਨਾ ਸ਼ਬਦ ਗੁਰਬਾਣੀ ਕੀਰਤਨ ਦੀ ਹਾਜ਼ਰੀ ਲਵਾਈ ਤੇ ਸੰਗਤਾਂ ਨੂੰ ਗੁਰਬਾਣੀ ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਨਾਲ ਨਾਲ ਸਤਿਗੁਰੂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀ ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿੱਚ ਦਰਜ ਦਰਗਾਹੀ ਗੁਰਬਾਣੀ ਸਬੰਧੀ ਵਿਸਥਾਰ ਨਾਲ ਚਾਨਣਾ ਪਾਉਂਦਿਆਂ ਦੱਸਿਆ ਗੁਰੂ ਰਵਿਦਾਸ ਮਹਾਰਾਜ ਜੀ ਗੁਰਬਾਣੀ ਵਹਿਮਾਂ ਭਰਮਾਂ ਕਰਮਕਾਂਡਾਂ ਤੋਂ ਦੂਰ ਹੋ ਕੇ ਅਕਾਲ ਪੁਰਖ ਨਾਲ ਜੋੜਦੀ ਹੈ ਇਸ ਕਰਕੇ ਹਰ ਪ੍ਰਾਣੀ ਨੂੰ ਗੁਰੂ ਗ੍ਰੰਥ ਦੀ ਬਾਣੀ ਨਾਲ ਜੁੜਨ ਚਾਹੀਦਾ ਹੈ,ਸਮਾਗਮ'ਚ ਵੱਖ ਵੱਖ ਧਾਰਮਿਕ ਬੁਲਾਰਿਆਂ ਤੋਂ ਇਲਾਵਾ ਹੋਰ ਸ਼ਖ਼ਸੀਅਤਾਂ ਨੇ ਵੀ ਸਮਾਗਮ ਦੀ ਹਾਜ਼ਰੀ ਲਵਾਈ ਤੇ ਗੁਰੂ ਰਵਿਦਾਸ ਮਹਾਰਾਜ ਜੀ ਗੁਰ ਇਤਿਹਾਸ ਤੋਂ ਜਾਣੂ ਕਰਵਾਇਆ, ਸਮੂਹ ਸੰਗਤਾਂ ਗੁਰੂ ਜਸ ਸ੍ਰਵਣ ਕੀਤਾ ਅਤੇ ਗੁਰੂ ਕੇ ਲੰਗਰ ਅਟੁੱਟ ਵਰਤਾਏ ਗਏ, ਇਸ ਸਬੰਧੀ ਪ੍ਰੈਸ ਨੂੰ ਜਾਣਕਾਰੀ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਕੌਮੀ ਪ੍ਰਧਾਨ ਭਾਈ ਵਿਰਸਾ ਸਿੰਘ ਖਾਲਸਾ ਨੇ ਸੰਤ ਸੁਖਵਿੰਦਰ ਸਿੰਘ ਜੀ ਨਾਲ ਗੁਰਮਤਿ ਸਮਾਗਮ ਸਬੰਧੀ ਗੱਲਬਾਤ ਕਰਨ ਤੋਂ ਉਪਰੰਤ ਇੱਕ ਲਿਖਤੀ ਪ੍ਰੈਸ ਬਿਆਨ ਰਾਹੀਂ ਦਿੱਤੀ, ਉਹਨਾਂ ਦੱਸਿਆ ਸਮਾਗਮ ਸਬੰਧੀ ਪਰਸੋਂ ਦੇ ਰੋਜ਼ ਤੋਂ ਰੱਖੇਂ ਅਖੰਡ ਪਾਠ ਸਾਹਿਬਾਂ ਦੇ ਸੰਪੂਰਨ ਭੋਗ ਅਰਦਾਸ ਤੇ ਪਾਵਨ ਪਵਿੱਤਰ ਹੁਕਮ ਨਾਮੇ ਤੋਂ ਉਪਰੰਤ ਸਮਾਗਮ ਵਿੱਚ ਵਿਸ਼ੇਸ਼ ਸੱਦੇ ਪਹੁੰਚੇ ਗੁਰਦੁਆਰਾ ਸਿੰਘਾਂ ਸ਼ਹੀਦਾਂ ਆਲੋਵਾਲ ਫਿਲੌਰ ਦੇ ਮੁੱਖੀ ਸੰਤ ਬਾਬਾ ਸੁਖਵਿੰਦਰ ਸਿੰਘ ਜੀ ਨੇ ਆਪਣੇ ਜਥੇ ਸਮੇਤ ਸ਼ਬਦ ਗੁਰਬਾਣੀ ਕੀਰਤਨ ਦੀ ਹਾਜ਼ਰੀ ਲਵਾਈ ਅਤੇ ਸੰਗਤਾਂ ਨੂੰ ਗੁਰਬਾਣੀ ਸ਼ਬਦ ਕੀਰਤਨ ਰਾਹੀਂ ਨਿਹਾਲ ਕੀਤਾ, ਸਮਾਗਮ ਦੌਰਾਨ ਕਈ ਹੋਰ ਧਾਰਮਿਕ ਬੁਲਾਰਿਆਂ ਨੇ ਵੀ ਹਾਜ਼ਰੀ ਲਵਾਈ, ਇਸ ਮੌਕੇ ਤੇ ਪ੍ਰਬੰਧਕਾਂ ਵੱਲੋਂ ਸੰਤ ਸੁਖਵਿੰਦਰ ਸਿੰਘ ਆਲੋਵਾਲ ਨੰਗਲ ਬੇਟ ਫਿਲੌਰ ਨੂੰ ਸਨਮਾਨਿਤ ਕੀਤਾ ਗਿਆ ਅਤੇ ਗੁਰੂ ਕੇ ਲੰਗਰ ਅਟੁੱਟ ਵਰਤਾਏ ਗਏ , ਇਸ ਮੌਕੇ ਤੇ ਸੰਤ ਸੁਖਵਿੰਦਰ ਸਿੰਘ ਜੀ ਆਲੋਵਾਲ ਤੋਂ ਇਲਾਵਾ ਪਿੰਡ ਦੇ ਸਰਪੰਚ ਸਾਹਿਬ ਸਮੂਹ ਪੰਚਾਇਤ ਤੇ ਨਗਰ ਦੀਆਂ ਸੰਗਤਾਂ ਨੇ ਗੁਰਮਤਿ ਸਮਾਗਮ ਦੀਆਂ ਹਾਜ਼ਰੀਆਂ ਭਰੀਆਂ ਤੇ ਗੁਰੂ ਰਵਿਦਾਸ ਮਹਾਰਾਜ ਜੀ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ,ਐਸ ਕੇ ਲਾਖਾ, ਸ੍ਰ ਕੁਲਬੀਰ ਸਿੰਘ ਬੜਾਪਿੰਡ, ਦਵਿੰਦਰ ਕੁਮਾਰ ਬਿੱਲਾ, ਸੁਖਦੇਵ ਸਿੰਘ ਲਾਖਾ,ਕਮਲ ਲਾਖਾ, ਗਿਆਨੀ ਮਹਿੰਦਰ ਸਿੰਘ, ਅਸ਼ੋਕ ਕੁਮਾਰ, ਧਰਮਵੀਰ, ਸੁਖਵਿੰਦਰ ਪੁਰਤਗਾਲ, ਬਾਬਾ ਦਾਰਾ ਸਿੰਘ, ਭਾਈ ਗੁਰਮੇਲ ਸਿੰਘ ਭਾਈ ਹਰਜੀਤ ਸਿੰਘ ਤੇ ਭਾਈ ਰਿੰਕੂ ਤੋਂ ਇਲਾਵਾ ਸੈਂਕੜੇ ਸੰਗਤਾਂ ਹਾਜ਼ਰ ਸਨ ਇਸ ਮੌਕੇ ਪ੍ਰਬੰਧਕਾ ਵੱਲੋਂ ਸਨਮਾਨਯੋਗ ਹਸਤੀਆਂ ਦਾ ਸਨਮਾਨ ਕੀਤਾ ਗਿਆ ਅਤੇ ਗੁਰੂ ਕੇ ਲੰਗਰ ਅਟੁੱਟ ਵਰਤਾਏ ਗਏ।



ਆਵਾਜ਼ਿ ਕੌਮ AWAZE QAUM International Newspaper & WEB TV

**ਸੰਤ ਸੁਖਵਿੰਦਰ ਸਿੰਘ ਆਲੋਵਾਲ ਜੀ ਨੇ ਲਗਵਾਈ ਕੀਰਤਨ ਹਾਜ਼ਰੀ**

### ਗਿਆਨੀ ਰਘਬੀਰ ਸਿੰਘ ਜੀ ਨੂੰ ਆਹੁਦੇ ਤੋਂ ਹਟਾਉਣ ਦੀ ਕੋਸ਼ਿਸ਼ ਕੀਤੀ ਤਾਂ

# ਸਰਸੇ ਵਾਲੇ ਸਾਧ ਨੂੰ ਦਿੱਤੀ ਮੁਆਫੀ ਵਾਂਗ ਲੋਕ ਸੜਕਾਂ 'ਤੇ ਉਤਰ ਆਉਣਗੇ : ਭਾਈ ਵਿਰਸਾ ਸਿੰਘ ਖਾਲਸਾ

**ਜੰਡਿਆਲਾ ਗੁਰੂ, 2 ਮਾਰਚ ( ਕੁਲਵੰਤ ਸਿੰਘ ਵਿਰਦੀ)**-ਬਾਦਲਕੇ ਖ਼ਬਰਦਾਰ ਜੇ ਗਿਆਨੀ ਰਘਬੀਰ ਸਿੰਘ ਜੀ ਜਥੇਦਾਰ ਸ੍ਰੀ ਆਕਾਲ ਤਖਤ ਸਾਹਿਬ ਨੂੰ ਹਟਾਉਣ ਦੀ ਕੋਸ਼ਿਸ਼ ਕੀਤੀ ਤਾਂ ਸਰਸੇ ਵਾਲੇ ਸਾਧ ਨੂੰ ਮੁਆਫੀ ਦੇਣ ਵਾਲੇ ਹਾਲਾਤ ਬਣ ਸਕਦੇ ਹਨ ਅਤੇ ਲੋਕਾਂ ਨੂੰ ਬਾਦਲਾਂ ਵਿਰੁੱਧ ਸੜਕਾਂ ਤੇ ਉੱਤਰ ਆਉਣ ਲਈ ਮਜਬੂਰ ਹੋਣਾ ਪਵੇਗਾ,ਇਸ ਕਰਕੇ ਬਾਦਲਾ ਦੇ ਘੜੰਮ ਚੌਧਰੀ ਡਾਕਟਰ ਚੀਮਾ, ਭੂੰਦੜ ਤੇ ਹੋਰ ਸੁਖਬੀਰ ਸਿਓ ਨੂੰ ਮੁੜ ਤੋਂ ਅਕਾਲੀ ਦਲ ਦਾ ਪ੍ਰਧਾਨ ਬਣਾਉਣ ਖਾਤਰ ਅਕਾਲ ਤਖ਼ਤ ਸਾਹਿਬ ਦੇ ਹੁਕਮਾਂ ਤੋਂ ਬਾਗੀ ਤੇ ਜਥੇਦਾਰਾਂ ਨੂੰ ਹਟਾਉਣ ਵਾਲੀ ਪੰਥ (ਦੋਖੀ ਵਿੱਢੀ ਨੀਤੀ) ਦਾ ਅੰਤ ਕਰ ਦੇਣ ਨਹੀਂ ?ਤਾਂ ਸੁਖਬੀਰ ਬਾਦਲ ਨੂੰ ਬਾਹਰਲੇ ਮੁਲਕਾਂ ਵਿੱਚ ਸ਼ਰਨ ਲੈਣੀ ਪੈ ਸਕਦੀ ਹੈ ਕਿਉਂਕਿ ਹੁਣ ਸਿੱਖ ਕੌਮ ਨੇ ਆਪਣਾ ਪੱਕਾ ਮਨ ਬਣਾ ਲਿਆ ਹੈ ਕਿ ਅਕਾਲ ਤਖਤ ਸਾਹਿਬ ਦੇ ਬਾਗੀਆਂ ਤੇ ਅਕਾਲ ਤਖ਼ਤ ਦੇ ਸਰਵਉੱਚ ਆਹੁਦੇ ਤੇ ਬਿਰਾਜਮਾਨ ਜਥੇਦਾਰ ਸਾਹਿਬਾਨਾ ਦੀ ਕਿਰਦਾਰਕੁਸ਼ੀ ਕਰਕੇ ਹਟਾਉਣ ਵਾਲੇ ਬਾਦਲਕਿਆਂ ਨੂੰ ਬਿਲਕੁਲ ਨਹੀਂ ਬਖਸ਼ਿਆ ਜਾਵੇਗਾ ਅਤੇ ਅਕਾਲ ਤਖ਼ਤ ਦੀ ਮਹਾਨਤਾ,ਸਰਵਉੱਚਤਾ ਪ੍ਰੰਪਰਾ ਮਰਯਾਦਾ ਨੂੰ ਹਰ ਹੀਲੇ ਤੇ ਹਰ ਯਤਨਾਂ ਰਾਹੀਂ ਕਾਇਮ ਰੱਖਿਆ ਜਾਵੇਗਾ,ਇਹਨਾਂ ਸ਼ਬਦਾਂ ਦਾ ਪ੍ਰਗਟਾਵਾਂ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਕੌਮੀ ਪ੍ਰਧਾਨ ਭਾਈ ਵਿਰਸਾ ਸਿੰਘ ਖਾਲਸਾ ਨੇ ਕੱਲ੍ਹ ਗਿਆਨੀ ਰਘਬੀਰ ਸਿੰਘ ਜੀ ਜਥੇਦਾਰ ਸਾਹਿਬ ਵੱਲੋਂ ਬਾਦਲਕਿਆਂ ਨੂੰ ਦੋ ਦਸੰਬਰ ਵਾਲੇ ਹੁਕਮਾਂ ਅਨੁਸਾਰ ਅਕਾਲੀ ਦਲ ਭਰਤੀ ਸੱਤ ਮੈਂਬਰੀ ਬਣਾਈ ਕਮੇਟੀ ਰਾਹੀਂ ਕਰਵਾਉਣੀ ਪਵੇਗੀ ਵਾਲੇ ਬਿਆਨ ਦੀ ਪੁਰਜ਼ੋਰ ਸ਼ਬਦਾਂ'ਚ ਸ਼ਲਾਘਾ,ਅਤੇ ਬਾਦਲਕਿਆਂ ਨੂੰ ਅਕਾਲ ਤਖ਼ਤ ਸਾਹਿਬ ਤੋਂ ਛੇਕਣ ਦੀ ਬੇਨਤੀ ਕਰਦਿਆਂ ਇੱਕ ਲਿਖਤੀ ਪ੍ਰੈਸ ਬਿਆਨ ਰਾਹੀਂ ਕੀਤਾ,ਉਹਨਾਂ ਭਾਈ ਖਾਲਸਾ ਨੇ ਦੱਸਿਆ ਬੀਤੇ ਦਿਨੀਂ ਪ੍ਰੈਸ ਕਾਨਫਰੰਸ ਦੌਰਾਨ ਗਿਆਨੀ ਰਘਬੀਰ ਸਿੰਘ ਜੀ ਨੇ ਬੱਬਰ ਸ਼ੇਰ ਵਾਂਗ ਗਰਜਦਿਆਂ ਪੱਤਰਕਾਰਾਂ ਨੂੰ ਸਪੱਸ਼ਟ ਕੀਤਾ ਦੋ ਦਸੰਬਰ ਨੂੰ ਅਕਾਲ ਤਖ਼ਤ ਸਾਹਿਬ ਦੇ ਹੁਕਮਾਂ ਅਨੁਸਾਰ ਬਣਾਈ 7 ਮੈਂਬਰੀ ਕਮੇਟੀ ਹੀ ਅਕਾਲੀ ਦਲ ਦੀ ਨਵੀ ਭਰਤ ਕਰੇਗੀ,ਉਨ੍ਹਾਂ ਇਹ ਵੀ ਦੱਸਿਆ 7 ਮੈਂਬਰੀ ਕਮੇਟੀ ਵਿੱਚੋ ਸਿਰਫ ਧਾਮੀ ਦਾ ਅਸਤੀਫਾ ਹੀ ਮੈਨੂੰ ਮਿਲਿਆ ਹੈ,ਪਰ ਪ੍ਰੋ ਕਿਰਪਾਲ ਸਿੰਘ ਬਡੂੰਗਰ ਦਾ ਅਸਤੀਫ਼ਾ ਨਹੀਂ ਮਿਲਿਆ, ਭਾਈ ਖਾਲਸਾ ਨੇ ਦੱਸਿਆ ਉਨ੍ਹਾਂ ਇਹ ਵੀ ਕਿਹਾ ਕਿ ਅਗਰ ਉਸ ਕਮੇਟੀ ਦੇ ਪੰਜ ਮੈਂਬਰ ਹੀ ਬਚੇ ਹਨ ਤਾਂ ਨੋ ਪਰੋਬਲਮ ਇਹਨਾਂ ਹਲਾਤਾਂ ਵਿੱਚ ਉਹਨਾਂ ਵਿੱਚੋ ਹੀ ਕਿਸੇ ਨੂੰ ਅਗਵਾਈ ਕਰਨੀ ਪਵੇਗੀ ਪਰ ਭਰਤੀ ਉਹ ਕਮੇਟੀ ਹੀ ਕਰੇਗੀ, ਭਾਈ ਖਾਲਸਾ ਨੇ ਦੱਸਿਆ ਜਦੋਂ ਪੱਤਰਕਾਰਾਂ ਨੇ ਉਨ੍ਹਾਂ ਨੂੰ ਪੁੱਛਿਆ ਅਕਾਲੀ ਦਲ ਬਾਦਲ ਤਾ ਆਪਣੀ ਕਮੇਟੀ ਰਾਹੀਂ 65 ਲੱਖ ਦੀ ਭਰਤੀ ਕਰੀ ਬੈਠਾ ਹੈ ਅਤੇ ਤੁਹਾਨੂੰ (ਜਥੇਦਾਰ ਸਾਹਿਬ) ਨੂੰ ਆਹੁਦੇ ਤੋਂ ਹਟਾਉਣ ਦੀਆਂ ਗੱਲ੍ਹਾਂ ਵੀ ਜ਼ੋਰ ਫੜ ਚੁੱਕੀਆਂ ਹਨ, ਤਾਂ ਇਸ ਦੇ ਜ਼ੁਬਾਨ'ਚ ਜਥੇਦਾਰ ਗਿਆਨੀ ਰਘਬੀਰ ਸਿੰਘ ਜੀ ਨੇ ਸ਼ੇਰ ਵਾਗ ਗਰਜਦਿਆਂ ਪੱਤਰਕਾਰਾਂ ਨੂੰ ਸਪੱਸ਼ਟ ਕੀਤਾ ਭਰਤੀ ਅਕਾਲ ਤਖ਼ਤ ਸਾਹਿਬ ਤੋਂ ਬਣਾਈ ਕਮੇਟੀ ਹੀ ਕਰੇਗੀ ਅਤੇ ਬਾਕੀ ਰਹੀ ਗੱਲ ਮੈਨੂੰ ਹਟਾਉਣ ਵਾਲੀ ਮੈ ਆਪਣੇ ਬੈਗ'ਚ ਕੱਪੜੇ ਪਾਈ ਬੈਠਾ ਹਾਂ, ਭਾਈ ਖਾਲਸਾ ਨੇ ਜਦੋਂ ਪੱਤਰਕਾਰਾਂ ਨੇ ਉਹਨਾਂ ਨੂੰ ਪੰਜ ਮੈਂਬਰੀ ਕਮੇਟੀ ਦੀ ਸਕਾਇਤ ਸਬੰਧੀ ਪੁੱਛਿਆ ਤਾਂ ਉਨ੍ਹਾਂ ਕਿਹਾ ਬੱਸ ਕੁਝ ਦਿਨਾਂ ਤੋਂ ਬਾਅਦ ਪੰਜ ਸਿੰਘ ਸਾਹਿਬਾਨਾਂ ਦੀ ਇਕੱਤਰਤਾ'ਚ ਇਸ ਸਬੰਧੀ ਅਕਾਲ ਤਖ਼ਤ ਤੋਂ ਫੈਸਲਾ ਸੁਣਾਇਆ ਜਾਵੇਗਾ , ਭਾਈ ਖਾਲਸਾ ਨੇ ਦੱਸਿਆ ਗਿਆਨੀ ਰਘਬੀਰ ਸਿੰਘ ਜੀ ਦੇ ਪੰਥਕ ਜਜਬਾਤਾਂ ਤੇ ਬਹਾਦਰੀ ਤੋਂ ਸਾਫ ਤੇ ਸਪਸ਼ਟ ਨਜ਼ਰ ਆਉਂਦਾ ਹੈ ਕਿ ਜਥੇਦਾਰ ਸਾਹਿਬ ਭਵਿੱਖ'ਚ ਬਾਦਲਕਿਆਂ ਨੂੰ ਬਖ਼ਸ਼ਣ ਦੇ ਰੌਅ'ਚ ਨਹੀਂ ਅਤੇ ਸਖ਼ਤ ਤੋਂ ਸਖ਼ਤ ਸਜ਼ਾ ਦੇ ਕੇ ਅਕਾਲੀ ਫੂਲਾ ਸਿੰਘ ਵਰਗਾ ਨਵਾਂ ਇਤਿਹਾਸ ਸਿਰਜ ਸਕਦੇ ਹਨ ਜਿਸ ਦੀ ਸਮੇਂ ਅਤੇ ਲੋਕਾਂ ਨੂੰ ਲੋੜ ਹੈ,ਭਾਈ ਖਾਲਸਾ ਨੇ ਕਿਹਾ ਜਿਸ ਤਰ੍ਹਾਂ ਜਥੇਦਾਰ ਸਾਹਿਬ ਹੁਣ ਤਖ਼ਤ ਵਿਰੋਧੀ ਹੁਕਮਾਂ ਦੀ ਉਲੰਘਣਾ ਕਰਕੇ ਬਾਦਲਕਿਆਂ ਦੀ ਕੀਤੀ ਭਰਤੀ ਰੱਦ ਕਰਵਾ ਕੇ ਅਕਾਲ ਤਖ਼ਤ ਸਾਹਿਬ ਵੱਲੋਂ ਬਣਾਈ 7 ਮੈਂਬਰੀ ਕਮੇਟੀ ਰਾਹੀਂ ਹੀ ਭਰਤੀ ਕਰਵਾਉਣ ਤੇ ਤੁਲੇ ਹੋਏ ਹਨ ਤਾਂ ਇਸ ਦੇ ਚੰਗੇ ਨਤੀਜੇ ਸਾਹਮਣੇ ਆ ਸਕਦੇ ਹਨ ਅਤੇ ਬਾਦਲਕੇ ਸਿੱਖੀ ਦੀ ਸਰਗਰਮ ਸਿਆਸਤ ਤੋਂ ਪੂਰੀ ਤਰ੍ਹਾਂ ਖਾਲੀ ਹੋ ਸਕਦੇ ਅਤੇ ਅਕਾਲੀ ਦਲ ਦੀ ਪ੍ਰਧਾਨਗੀ ਬਾਦਲਾਂ ਤੋਂ ਸਦਾ ਸਦਾ ਲਈ ਖੁਸ਼ ਸਕਦੀ ਹੈ, ਭਾਈ ਖਾਲਸਾ ਨੇ ਕਿਹਾ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਜਥੇਦਾਰ ਸਾਹਿਬ ਜੀ ਨੂੰ ਬੇਨਤੀ ਕਰਦੀ ਹੈ ਕਿ ਉਹ ਬਾਦਲਾਂ ਦੇ ਤਖਤ ਵਿਰੋਧੀ ਰਵੱਈਏ ਨੂੰ ਰੱਖ ਪੰਜ ਸਿੰਘ ਸਾਹਿਬਾਨਾਂ ਦੀ ਇਕੱਤਰਤਾ'ਚ ਅਕਾਲ ਤਖ਼ਤ ਸਾਹਿਬ ਤੋਂ ਬਾਦਲਕਿਆਂ ਨੂੰ ਸਿੱਖ ਪੰਥ'ਚ ਛੇਕਣ ਦੀ ਕਾਰਵਾਈ ਕਰਨ ਕਰਕੇ ਅਕਾਲੀ ਫੂਲਾ ਸਿੰਘ ਦੇ ਇਤਿਹਾਸ ਨੂੰ ਉਜਾਗਰ ਕਰਨ ਦੀ ਲੋੜ ਤੇ ਜ਼ੋਰ ਦੇਣ। ਇਸ ਮੌਕੇ ਭਾਈ ਖਾਲਸਾ ਪ੍ਰਧਾਨ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਨਾਲ ਭਾਈ ਅਵਤਾਰ ਸਿੰਘ ਅੰਮ੍ਰਿਤਸਰ ਭਾਈ ਜੋਗਿੰਦਰ ਸਿੰਘ ਅਤੇ ਭਾਈ ਜਗਤਾਰ ਸਿੰਘ ਫਿਰੋਜ਼ਪੁਰ ਭਾਈ ਸਿੰਦਾ ਸਿੰਘ ਨਿਹੰਗ ਤੇ ਪਿਰਥੀ ਸਿੰਘ ਧਾਲੀਵਾਲ ਧਰਮਕੋਟ ਭਾਈ ਮਨਜਿੰਦਰ ਸਿੰਘ ਤੇ ਭਾਈ ਸੁਰਜੀਤ ਸਿੰਘ ਕਮਾਲਕੇ ਭਾਈ ਦਿਲਬਾਗ ਸਿੰਘ ਬਾਗੀ ਗੁਰਦਾਸਪੁਰ ਭਾਈ ਜਗਜੀਤ ਸਿੰਘ ਸੈਦੇਸਾਹ ਵਾਲਾ ਭਾਈ ਬਲਕਾਰ ਸਿੰਘ ਦਾਰੇਵਾਲ ਭਾਈ ਸੁਖਦੇਵ ਸਿੰਘ ਫ਼ੌਜੀ ਜਗਰਾਉਂ ਭਾਈ ਇੰਦਰਜੀਤ ਸਿੰਘ ਤੇ ਭਾਈ ਜਸਵਿੰਦਰ ਸਿੰਘ ਕਾਉਂਕੇ ਆਦਿ ਆਗੂ ਹਾਜਰ ਸਨ।



ਆਵਾਜ਼ਿ ਕੌਮ AWAZE QAUM International Newspaper & WEB TV

# ਸਿੱਖ ਮਰਿਯਾਦਾ ਤੇ ਮਾਰੂ ਹਮਲਾ ਇਕ ਵਾਰ ਫਿਰ ਬਦਲੀ ਅਰਦਾਸ—ਭਾਈ ਸੁਖਦੇਵ ਸਿੰਘ ਮੁੱਖ ਬੁਲਾਰਾ ਦਮਦਮੀ ਟਕਸਾਲ

**ਫ਼ਿਰੋਜ਼ਪੁਰ, 2 ਮਾਰਚ (ਮਨੋਹਰ ਲਾਲ) :—** ਸਿੱਖ ਮਰਿਯਾਦਾ ਤੇ ਮਾਰੂ ਹਮਲਾ ਇਕ ਵਾਰ ਫਿਰ ਦਿੱਲੀ ਦੇ ਗੁਰਦੁਆਰਾ ਸਾਹਿਬ ਵਿਖੇ ਸਿਮਨਰੀਆਂ ਨੇ ਬਦਲੀ ਅਰਦਾਸ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਕਰਦਿਆਂ ਸਿੱਖ ਮਿਸ਼ਨਰੀ ਪ੍ਰੋਫੈਸਰ ਦਰਸ਼ਨ ਸਿੰਘ ਨੇ ਇਕ ਵਾਰ ਫਿਰ ਦਿੱਲੀ ਦੇ ਗੁਰਦੁਆਰਾ ਸਾਹਿਬ ਵਿਖੇ ਫਿਰ ਅਰਦਾਸ ਬਦਲੀ ਹੈ। ਇਸ ਦੀ ਅਸੀਂ ਪੁਰਜ਼ੋਰ ਸ਼ਬਦਾਂ ਵਿਚ ਨਿੰਦਿਆ ਕਰਦੇ ਹਾਂ ਅਤੇ ਇਨ੍ਹਾਂ ਲੋਕਾਂ ਦਾ ਬਾਈਕਾਟ ਕਰਨਾ ਚਾਹੀਦਾ ਹੈ। ਭਾਈ ਸਾਹਿਬ ਨੇ ਅੱਗੇ ਦੱਸਿਆ ਕਿ ਇਕ ਵਾਰ ਪਹਿਲਾਂ ਵੀ 1928 ਵਿਚ ਅਰਦਾਸ ਬਦਲਣ ਵਾਲਿਆਂ ਨੂੰ ਪੰਥ ਤੇ ਤਖਤ ਸਾਹਿਬ ਤੋਂ ਛੇਕ ਦਿੱਤਾ ਸੀ ਅਤੇ ਹੁਣ ਫਿਰ ਗੁਰਦੁਆਰਾ ਸਾਹਿਬ ਵਿਚ ਅਰਦਾਸ ਬਦਲਣ ਦੀ ਵੀਡੀਓ ਵਾਇਰਲ ਹੋ ਰਹੀ ਹੈ ਅਤੇ ਇਹ ਰਾਗੀ ਦਰਸ਼ਨ ਸਿੰਘ ਸੰਗਤਾਂ ਨੂੰ ਅਰਦਾਸ ਤੋੜ ਮਰੋੜ ਕੇ ਸੁਣਾ ਰਿਹਾ ਹੈ। ਭਾਈ ਸੁਖਦੇਵ ਸਿੰਘ ਖਾਲਸਾ ਨੇ ਸਮੂਹ ਸਿੱਖ ਸੰਗਤਾਂ ਨੂੰ ਅਤੇ ਅਕਾਲ ਤਖਤ ਸਾਹਿਬ ਜੀ ਦੇ ਜਥੇਦਾਰਾਂ ਨੂੰ ਬੇਨਤੀ ਕੀਤੀ ਕਿ ਉਹ ਇਸ ਖਿਲਾਫ ਬਣਦੀ ਕਾਰਵਾਈ ਕਰੇ ਜ਼ੋ ਕਿ ਸੋਚੀ ਸਮਝੀ ਸਾਜਿਸ਼ ਹੈ। ਇਸ ਤੋਂ ਪਹਿਲਾਂ ਵੀ ਪ੍ਰੋਫੈਸਰ ਦਰਸ਼ਨ ਸਿੰਘ ਨੂੰ ਅਕਾਲ ਤਖਤ ਸਾਹਿਬ ਤੇ ਸੱਦਿਆ ਗਿਆ ਅਤੇ ਤਨਖਾਹ ਲਾਈ ਗਈ, ਹੁਣ ਫਿਰ ਉਨ੍ਹਾਂ ਨੇ ਫਿਰ ਅਰਦਾਸ ਬਦਲੀ ਹੈ। ਇਨ੍ਹਾਂ ਨੇ ਸਰਕਾਰ ਸਖਤ ਕਾਰਵਾਈ ਕਰਕੇ ਪਰਚਾ ਦਰਜ ਕਰੇ, ਇਹ ਗਿਣੀ ਮਿਥੀ ਸਾਹਿਬ. ਹੈ, ਇਨ੍ਹਾਂ ਤੋਂ ਸੁਚੇਤ ਰਹਿਣਾ ਚਾਹੀਦਾ ਹੈ।



ਆਵਾਜ਼ਿ ਕੌਮ AWAZE QAUM International Newspaper & WEB TV

# 6 ਜੂਨ 1984 ਦੇ ਸ਼ਹੀਦ ਭਾਈ ਰਸਾਲ ਸਿੰਘ ਆਰਿਫਕੇ ਦੀ ਬਰਸੀ ਪਿੰਡ ਆਰਿਫਕੇ ਵਿਖੇ ਬੜੀ ਸ਼ਰਧਾ ਨਾਲ ਮਨਾਈ



**ਫ਼ਿਰੋਜ਼ਪੁਰ, 2 ਮਾਰਚ (ਮਨੋਹਰ ਲਾਲ) :—** ਸਾਕਾ ਨੀਲਾ ਤਾਰਾ 6 ਜੂਨ 1984 ਨੂੰ ਪਾਵਨ ਅਸਥਾਨ ਸ੍ਰੀ ਹਰਿਮੰਦਰ ਸਾਹਿਬ ਦੀ ਪਵਿੱਤਰਤਾ ਲਈ ਜੂਝਦੇ ਸਿੰਘ ਸ਼ਹੀਦ ਭਾਈ ਰਸਾਲ ਸਿੰਘ ਆਰਿਫਕੇ ਫ਼ਿਰੋਜ਼ਪੁਰ ਸ਼ਹੀਦ ਹੋ ਗਏ ਸਨ, ਦੀ ਬਰਸੀ ਉਨ੍ਹਾਂ ਦੇ ਗ੍ਰਹਿ ਪਿੰਡ ਆਰਿਫਕੇ ਜ਼ਿਲ੍ਹਾ ਫ਼ਿਰੋਜ਼ਪੁਰ ਵਿਖੇ ਬੜੀ ਸ਼ਰਧਾ ਭਾਵਨਾ ਨਾਲ ਮਨਾਈ ਜਾਵੇਗੀ। ਇਹ ਜਾਣਕਾਰੀ ਸ਼ਹੀਦ ਭਾਈ ਰਸਾਲ ਸਿੰਘ ਆਰਿਫਕੇ ਦੇ ਪੋਤਰੇ ਭਾਈ ਹਰਮਨਪ੍ਰੀਤ ਸਿੰਘ, ਭਾਈ ਜ਼ੋਰਾਵਰ ਸਿੰਘ, ਭਾਈ ਫਤਿਹ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਸਾਡੇ ਦਾਦਾ ਜੀ ਸ਼ਹੀਦ ਭਾਈ ਰਸਾਲ ਸਿੰਘ ਆਰਿਫਕੇ ਦੀ ਬਰਸੀ 23 ਮਾਰਚ 10 ਚੇਤਰ ਦਿਨ ਐਤਵਾਰ 2025 ਨੂੰ ਬੜੀ ਸ਼ਰਧਾ ਭਾਵਨਾ ਨਾਲ ਸਾਡੇ ਗ੍ਰਹਿ ਵਿਖੇ ਮਨਾਈ ਜਾਵੇਗੀ। ਇਸ ਮੌਕੇ ਤੇ ਸਭ ਤੋਂ ਪਹਿਲਾਂ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ, ਭੋਗ ਉਪਰੰਤ ਖੁੱਲੇ ਪੰਡਾਲ ਵਿਚ ਦੀਵਾਨ ਸਜਾਏ ਜਾਣਗੇ, ਜਿਸ ਵਿਚ ਸਿੱਖ ਕੌਮ ਦੇ ਰਾਗੀ, ਢਾਡੀ, ਕਵੀਸ਼ਰੀ ਅਤੇ ਕਥਾਵਾਚਕ ਜਥਿਆਂ ਵੱਲੋਂ ਗੁਰਇਤਿਹਾਸ ਸੁਣਾ ਕੇ ਸੰਗਤਾਂ ਨੂੰ ਨਿਹਾਲ ਕਰਨਗੇ। ਇਸ ਮੌਕੇ ਤੇ ਭਾਰੀ ਗਿਣਤੀ ਵਿਚ ਸੰਤਾਂ ਮਹਾਂਪੁਰਸ਼ਾਂ ਅਤੇ ਹੋਰ ਜਥੇਬੰਦੀਆਂ ਜਿਨ੍ਹਾਂ ਵਿਚ ਸ੍ਰੀਮਾਨ ਸੰਤ ਬਾਬਾ ਅਵਤਾਰ ਸਿੰਘ ਦਲ ਪੰਥ ਬਾਬਾ ਬਿਧੀ ਚੰਦ ਛੀਨਾ ਗੁਰੂ ਕਾ ਸੀਨਾ, ਸੰਤ ਬਾਬਾ ਜ਼ੋਗਾ ਸਿੰਘ ਤਰਨਾ ਦਲ ਵਾਲੇ, ਸੰਤ ਬਾਬਾ ਕੁਲਦੀਪ ਸਿੰਘ ਝਾੜ ਸਾਹਿਬ ਵਾਲੇ, ਸੰਤ ਬਾਬਾ ਸ਼ਿੰਦਰ ਸਿੰਘ ਸਭਰਾਵਾਂ ਵਾਲੇ, ਸੰਤ ਬਾਬਾ ਜ਼ਸਵੰਤ ਸਿੰਘ ਸੋਢੀ ਆਸਲ ਉਤਾੜ ਵਾਲੇ, ਸੰਤ ਬਾਬਾ ਜੁਗਰਾਜ ਸਿੰਘ ਸਰਗਿੰਦਪੁਰ ਵਾਲੇ, ਸੰਤ ਬਾਬਾ ਦਰਸ਼ਨ ਸਿੰਘ ਬੋਰੀ ਵਾਲੇ, ਸੰਤ ਬਾਬਾ ਜ਼ਸਕਰਨ ਸਿੰਘ ਅਕਬਰਪੁਰ ਵਾਲੇ, ਜਥੇਦਾਰ ਬਾਬਾ ਨਿਹਾਲ ਸਿੰਘ ਵੱਡੇ ਸਭਰਾਂ ਵਾਲੇ, ਬਾਬਾ ਦਿਲਬਾਗ ਸਿੰਘ ਆਰਿਫਕੇ, ਗਿਆਨੀ ਤੇਜਬੀਰ ਸਿੰਘ ਵਿਦਿਆਰਥੀ ਦਮਦਮੀ ਟਕਸਾਲ, ਭਾਈ ਸੁਖਦੇਵ ਸਿੰਘ ਮੁੱਖ ਬੁਲਾਰਾ ਦਮਦਮੀ ਟਕਸਾਲ, ਭਾਈ ਰਣਜੀਤ ਸਿੰਘ ਸਿੱਖ ਪ੍ਰਚਾਰਕ, ਪੰਥਕ ਲੇਖਕ ਅਤੇ ਸਿੱਖ ਯੂਥ ਫੈਡਰੇਸ਼ਨ ਭਿੰਡਰਾਂ ਵਾਲੇ ਦੇ ਕੌਮੀ ਪ੍ਰਧਾਨ ਬਾਬਾ ਸਜਣ ਸਿੰਘ ਵਾੜਾ ਸ਼ੇਰ ਸਿੰਘ, ਭਾਈ ਗੁਰਨਾਮ ਸਿੰਘ ਬੰਡਾਲਾ, ਬਾਬਾ ਅਮਰ ਸਿੰਘ ਇਲਮੇਵਾਲਾ, ਭਾਈ ਜ਼ਸਕਰਨ ਸਿੰਘ ਕਾਹਨ ਸਿੰਘ ਵਾਲੇ ਪ੍ਰਧਾਨ, ਭਾਈ ਅਨੂਪ ਸਿੰਘ, ਭਾਈ ਗੁਰਜੰਟ ਸਿੰਘ ਬਾਠ, ਜਥੇਦਾਰ ਭਾਈ ਪ੍ਰਗਟ ਸਿੰਘ ਵਾਹਕੇ, ਭਾਈ ਸੁਖਦੇਵ ਸਿੰਘ ਬੁੱਕਣ ਖਾਂ ਵਾਲੇ, ਭਾਈ ਲਖਬੀਰ ਸਿੰਘ ਮਹਾਲਮ, ਗੁਰੂ ਗ੍ਰੰਥ ਸਾਹਿਬ ਸਤਿਕਾਰ ਕਮੇਟੀ ਤੋਂ ਇਲਾਵਾ ਦਾਸ ਰਾਗੀ ਜਥਾ ਭਾਈ ਹਰਮਨਪ੍ਰੀਤ ਸਿੰਘ ਪੋਤਰੇ ਸ਼ਹੀਦ ਭਾਈ ਰਸਾਲ ਸਿੰਘ ਆਰਿਫਕੇ ਹਜ਼ੂਰੀ ਢਾਡੀ ਜਥਾ ਸ੍ਰੀ ਮਿਸਲ ਸ਼ਹੀਦਾਂ ਤਰਨਾ ਦਲ ਬਾਬਾ ਬਕਾਲਾ ਸਾਹਿਬ ਗਿਆਨੀ ਜਤਿੰਦਰਪਾਲ ਸਿੰਘ ਜ਼ੋਧ ਐਮ.ਏ ਸੰਪ੍ਰਦਾਇ ਢਾਬਸਰ ਸਾਹਿਬ ਦਾ ਹਜ਼ੂਰੀ ਕਵੀਸ਼ਰੀ ਜਥਾ ਭਾਈ ਗੁਰਪਾਲ ਸਿੰਘ ਮਾੜੀ ਮੇਘਾ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਸੰਤ ਮਹਾਂਪੁਰਸ਼ ਹਾਜ਼ਰੀ ਲੁਆਉਣਗੇ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਜਾਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

## ਆਤਮਿਕ, ਮਾਨਸਿਕ ਤੇ ਸਭਿਆਚਾਰਕ ਆਜ਼ਾਦੀ ਮਾਣਨ ਦੇ ਸੁਪਨੇ ਨੂੰ ਪੂਰਾ ਕਰਨ ਲਈ

# ਖਾਲਸਾ ਰਾਜ ਸਥਾਪਿਤ ਕਰਣਾ ਲਾਜ਼ਮੀ: ਮੌਂਟਰੀਆਲ ਸਾਧ ਸੰਗਤ




**ਨਵੀਂ ਦਿੱਲੀ, 2 ਮਾਰਚ (ਮਨਪ੍ਰੀਤ ਸਿੰਘ ਖਾਲਸਾ):-** ਸਿੱਖਾਂ ਨੇ ਆਪਣੀ ਆਤਮਿਕ, ਮਾਨਸਿਕ ਤੇ ਸਭਿਆਚਾਰਕ ਆਜ਼ਾਦੀ ਮਾਣਨ ਦੇ ਸੁਪਨੇ ਨੂੰ ਪੂਰਾ ਕਰਨਾ ਹੈ ਤਾਂ ਉਨ੍ਹਾਂ ਲਈ ਰਾਜ ਲੈਣਾ ਲਾਜ਼ਮੀ ਹੈ। ਕਿਉਂਕਿ ਆਪਣੇ ਰਾਜ ਵਿਚ ਹੀ ਇਹ ਸੁਪਨਾ ਪੂਰਾ ਹੋ ਸਕਦਾ ਹੈ। ਇਹ ਗੱਲ ਬਾਅਦ ਵਿਚ ਮਾਰਕਸ ਨੇ ਵੀ ਕਹੀ ਹੈ ਕਿ ਜਿਸ ਜਮਾਤ ਦਾ ਰਾਜ ਹੁੰਦਾ ਹੈ, ਸਮਾਜ ਵਿਚ ਉਸੇ ਜਮਾਤ ਦਾ ਸਭਿਆਚਾਰ ਭਾਰੂ ਹੁੰਦਾ ਹੈ। ਖਾਲਸਈ ਸਭਿਆਚਾਰ ਭਾਰੂ ਕਰਨ ਲਈ ਸਿੱਖਾਂ ਨੂੰ ਖਾਲਸਾ ਰਾਜ ਦੀ ਲੋੜ ਹੈ। ਕੈਨੇਡਾ ਦੇ ਮੌਂਟਰੀਆਲ ਤੋ ਭਾਈ ਦਰਸ਼ਨ ਸਿੰਘ, ਭਾਈ ਜਸਵਿੰਦਰ ਸਿੰਘ, ਭਾਈ ਬਲਿਹਾਰ ਸਿੰਘ, ਭਾਈ ਗੁਪੇਸ਼ ਸਿੰਘ, ਬੀਬੀ ਕਿਰਨਦੀਪ ਕੌਰ, ਭੁਜੰਗੀ ਗੁਰਫ਼ਤਹਿ ਸਿੰਘ ਅਤੇ ਹਾਜਿਰ ਸੰਗਤ ਨੇ ਕਿਹਾ ਕਿ ਗੁਰਮਤਿ ਨੇ ਹਲੇਮੀ ਰਾਜ ਅਤੇ ਬੇਗਮਪੁਰਾ ਸਮਾਜ ਦੇ ਮੌਲਿਕ ਸੰਕਲਪ ਮਨੁੱਖ ਜਾਤੀ ਨੂੰ ਦਿੱਤੇ ਹਨ। ਸਿੱਖਾਂ ਨੇ ਰਾਜ ਦਾ ਦਾਅਵਾ ਆਪਣੇ ਸਿਧਾਂਤਾਂ ਦੇ ਆਧਾਰ ਉਤੇ ਕਰਨਾ ਹੈ ਅਤੇ ਇਹ ਸਿਧਾਂਤ ਸਰਬ-ਸਾਂਝੀਵਾਲਤਾ ਤੇ ਸਰਬੱਤ ਦੇ ਭਲੇ ਦੀ ਹਾਮੀ ਭਰਦੇ ਹਨ। ਹਰੇਕ ਫਿਲਾਸਫੀ ਆਪਣੇ ਸੰਕਲਪ ਅਨੁਸਾਰ ਮਨੁੱਖੀ ਸਮਾਜ ਨੂੰ ਨਵੇਂ ਸਿਰਿਓਂ ਜਥੇਬੰਦ ਕਰਨ ਲਈ ਰਾਜ ਦਾ ਸੁਪਨਾ ਆਪਣੇ ਨਾਲ ਲੈ ਕੇ ਆਉਂਦੀ ਹੈ। ਆਪਣੇ ਰਾਜ ਦੇ ਇਸੇ ਸੰਕਲਪ ਭਾਵ ਰਾਜਨੀਤੀ ਰਾਹੀਂ ਫਿਲਾਸਫੀ ਸਮਾਜੀ ਅਮਲ ਵਿਚ ਪ੍ਰਗਟ ਹੁੰਦੀ ਹੈ। ਪਰ ਜਿਸ ਤਰ੍ਹਾਂ ਭਾਰਤ ਦੇਸ਼ ਅੰਦਰ ਸਿੱਖਾਂ ਸਮੇਤ ਘੱਟ ਗਿਣਤੀਆਂ ਉਪਰ ਜ਼ੁਲਮ ਹੋ ਰਹੇ ਹਨ, ਬੇਕਸੂਰ ਨੌਜੁਆਨਾਂ ਦੇ ਮੁੜ ਤੋ ਮੁਕਾਬਲੇ ਬਣਾਏ ਜਾ ਰਹੇ ਹਨ, ਧਰਮ ਅਸਥਾਨਾਂ ਦੀ ਬੇਅਦਬੀ ਕੀਤੀ ਜਾ ਰਹੀ ਹੈਂ, ਵਿਦੇਸ਼ਾਂ ਅੰਦਰ ਦਖਲਅੰਦਾਜ਼ੀ ਕਰਕੇ ਸਿੱਖਾਂ ਦਾ ਕਤਲ ਅਤੇ ਕਤਲ ਦੀ ਸਾਜ਼ਿਸ਼ ਰਚੀ ਜਾ ਰਹੀ ਹੈਂ ਓਸ ਨਾ ਸਹਿਣਯੋਗ ਅਤੇ ਬਰਦਾਸ਼ਤ ਤੋ ਬਾਹਰ ਹੈਂ।ਇਸ ਲਈ ਜ਼ਰੂਰੀ ਹੈਂ ਕਿ ਖਾਲਸਾ ਰਾਜ ਦੀ ਸਥਾਪਤੀ ਲਈ ਜੋ ਹੰਭਲਾ ਮਾਰਿਆ ਜਾ ਰਿਹਾ ਹੈਂ ਓਸ ਵਿਚ ਵੱਧ ਤੋ ਵੱਧ ਸਹਿਯੋਗ ਦਿੱਤਾ ਜਾਏ ਜਿਸ ਨਾਲ ਸੰਸਾਰਿਕ ਨਕਸ਼ੇ ਅੰਦਰ ਸਿੱਖਾਂ ਦੇ ਰਾਜ ਦੀ ਹੋਂਦ ਪ੍ਰਗਟ ਹੋ ਸਕੇ । ਉਨ੍ਹਾਂ ਵਲੋਂ 8 ਮਾਰਚ ਨੂੰ ਅਮਰੀਕਾ ਦੇ ਬਕਰਫ਼ੀਲਡਸ ਅੰਦਰ ਹੋਣ ਵਾਲੀ ਕਾਰ ਰੈਲੀ ਅਤੇ ਅਮਰੀਕਾ ਦੇ ਐਲ ਏ ਵਿਚ 23 ਮਾਰਚ ਨੂੰ ਹੋਣ ਵਾਲੀ ਵੋਟਿੰਗ ਵਿਚ ਭਰਵੀਂ ਹਾਜ਼ਿਰੀ ਭਰਣ ਦੀ ਅਪੀਲ ਕੀਤੀ ਗਈ ਹੈਂ ।

ਆਵਾਜ਼ਿ ਕੌਮ AWAZE QAUM International Newspaper & WEB TV

**ਖਾਲਸਈ ਸਭਿਆਚਾਰ ਭਾਰੂ ਕਰਨ ਲਈ ਸਿੱਖਾਂ ਨੂੰ ਖਾਲਸਾ ਰਾਜ ਦੀ ਲੋੜ**

## ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ

# ਪੰਜਾਬ ਸਰਕਾਰ ਠੋਸ ਉਪਰਾਲੇ ਕਰ ਰਹੀ ਹੈ : ਪ੍ਰੋ. ਓਂਕਾਰ ਸਿੰਘ ਸਿੱਧੂ



**ਧੂਰੀ ( ਰਣਜੀਤ ਸਿੰਘ ਪੇਧਨੀ )**-ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਦੂਰ ਅੰਦੇਸ਼ੀ ਸੋਚ ਸਦਕਾ ਜਿਥੇ ਸੂਬੇ ਦੇ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੂੰ ਸਮੇਂ ਦੇ ਹਾਣ ਦੀ ਸਿੱਖਿਆ ਪ੍ਰਦਾਨ ਕਰਨ ਲਈ ਇਤਿਹਾਸਕ ਫੈਸਲੇ ਕੀਤੇ ਗਏ ਹਨ, ਉਥੇ ਹੀ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਵਾਸਤੇ ਸਰਕਾਰ ਠੋਸ ਉਪਰਾਲੇ ਵੀ ਕਰ ਰਹੀ ਹੈ ਤਾਂ ਜੋ ਨੌਜਵਾਨ ਪੀੜ੍ਹੀ ਨੂੰ ਖੇਡਾਂ ਨਾਲ ਜੋੜ ਕੇ ਸਿਹਤਮੰਦ ਸਮਾਜ ਦੀ ਸਿਰਜਣਾ ਕੀਤੀ ਜਾ ਸਕੇ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਉੱਘੇ ਸਮਾਜ ਸੇਵੀ ਪ੍ਰੋ, ਓਂਕਾਰ ਸਿੰਘ ਸਿੱਧੂ ਨੇ ਕੀਤਾ। ਉਨ੍ਹਾਂ ਕਿਹਾ ਕਿ ਅੱਜ ਦੇ ਦੌਰ ਅੰਦਰ ਖੇਡਾਂ ਬਹੁਤ ਜਰੂਰੀ ਹੋ ਗਈਆਂ ਹਨ ਕਿਉਂਕਿ ਖੇਡਾਂ ਸਾਨੂੰ ਸਰੀਰਕ ਤੰਦਰੁਸਤੀ ਦੇ ਨਾਲ ਮਾਨਸਿਕ ਤੰਦਰੁਸਤੀ ਵੀ ਪ੍ਰਦਾਨ ਕਰਦੀਆਂ ਹਨ। ਇਸ ਲਈ ਨੌਜਵਾਨਾਂ ਨੂੰ ਚਾਹੀਦਾ ਹੈ ਕਿ ਉਹ ਵੱਧ ਤੋਂ ਵੱਧ ਖੇਡਾਂ ਨਾਲ ਜੁੜ ਕੇ ਸਿਹਤਮੰਦ ਸਮਾਜ ਦੀ ਸਿਰਜਣਾ ਵਿੱਚ ਆਪਣਾ ਵੱਡਮੁੱਲਾ ਯੋਗਦਾਨ ਪਾਉਣ। ਇਸ ਮੌਕੇ ਬਲਾਕ ਪ੍ਰਧਾਨ ਗਗਨ ਜਵੰਦਾ ਪ੍ਰਧਾਨ ਟਰੱਕ ਯੂਨੀਅਨ ਧੂਰੀ, ਬਲਾਕ ਪ੍ਰਧਾਨ ਗੁਰਤੇਜ ਸਿੰਘ ਕੱਕੜਵਾਲ, ਚੇਅਰਮੈਨ ਅਮਰੀਕ ਸਿੰਘ ਸੋਹੀ, ਪੰਚਾਇਤ ਯੂਨੀਅਨ ਦੇ ਬਲਾਕ ਪ੍ਰਧਾਨ ਸਰਪੰਚ ਜੱਗਾ ਭੋਜੋਵਾਲੀ, ਸਰਪੰਚ ਲਾਲੀ ਬੰਗਾਵਾਲੀ, ਬਲਾਕ ਪ੍ਰਧਾਨ ਸੁਰਜੀਤ ਸਿੰਘ ਰਾਜੋਮਾਜਰਾ, ਸਰਪੰਚ ਅਮਨ ਜਾਤੀਮਾਜਰਾ ਸਰਪੰਚ ਸਿਮਰਨਜੀਤ ਸਿੰਘ ਕਾਲਾ ਬਟੂਹਾ, ਆਪ ਆਗੂ ਸੇਵਕ ਲੱਡਾ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# 7 ਮਾਰਚ ਨੂੰ ਹੋਵੇਗੀ ਸ਼੍ਰੋਮਣੀ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ



ਨਵੀਂ ਦਿੱਲੀ, 2 ਮਾਰਚ (ਮਨਪ੍ਰੀਤ ਸਿੰਘ ਖਾਲਸਾ):- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ 7 ਮਾਰਚ ਨੂੰ ਹੋਵੇਗੀ। ਸ਼੍ਰੋਮਣੀ ਕਮੇਟੀ ਦਫ਼ਤਰ ਤੋਂ ਜਾਰੀ ਇੱਕ ਪ੍ਰੈਸ ਬਿਆਨ ਰਾਹੀਂ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ ਨੇ ਦੱਸਿਆ ਕਿ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਸ਼੍ਰੋਮਣੀ ਕਮੇਟੀ ਦੇ ਮੁੱਖ ਦਫ਼ਤਰ ਵਿਖੇ 7 ਮਾਰਚ 2025 ਨੂੰ ਸਵੇਰੇ 11 ਵਜੇ ਰੱਖੀ ਗਈ ਹੈ।ਉਨ੍ਹਾਂ ਦੱਸਿਆ ਇਸ ਇਕੱਤਰਤਾ ਵਿੱਚ ਸ਼੍ਰੋਮਣੀ ਕਮੇਟੀ ਦੇ ਆਉਣ ਵਾਲੇ ਬਜਟ ਸਬੰਧੀ ਗਠਿਤ ਸਬ-ਕਮੇਟੀ ਦੀਆਂ ਸਿਫ਼ਾਰਸ਼ਾਂ ਅਤੇ ਸਿੱਖ ਸੰਸਥਾ ਦੇ ਕੰਮਕਾਜ ਨਾਲ ਸਬੰਧਤ ਵਿਚਾਰ ਹੋਵੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

# ਸਰਬ ਰੋਗ ਕਾ ਅਉਖਦੁ ਨਾਮੁ ਦੇ ਤਹਿਤ 10 ਮਾਰਚ ਨੂੰ ਗੁਰਬਾਣੀ ਦੂਖ ਨਿਵਾਰਨ ਕੈਂਪ ਲਗਾਇਆ ਜਾਵੇਗਾ ਬਾਬਾ ਰਾਮ ਸਿੰਘ : ਬਾਬਾ ਬਿਬੇਕ ਸਿੰਘ

## ਸ੍ਰੀ ਗੁਰੂ ਨਾਨਕ ਦੇਵ ਸਾਹਿਬ ਜੀ ਦਾ ਸੰਦੇਸ਼ ਘਰ ਘਰ ਪਹੁੰਚਾਉਣਾ ਦੂਖ ਨਿਵਾਰਨ ਕੈਂਪ ਦਾ ਮੁੱਖ ਮੰਤਵ



**ਜੰਡਿਆਲਾ ਗੁਰੂ, 2 ਮਾਰਚ ( ਕੁਲਵੰਤ ਸਿੰਘ ਵਿਰਦੀ)**-ਅੱਜ ਕੱਲ੍ਹ ਦੇ ਸਮੇਂ ਦੋਰਾਨ ਵੱਧਦੇ ਦੁੱਖਾਂ ਤੋਂ ਹਰ ਪਾਸੇ ਲੋਕ ਦੁਖੀ ਹੋਏ ਦਿਖਾਈ ਦਿੰਦੇ ਹਨ ਅਸਲ ਵਿੱਚ ਪਰਮਾਤਮਾ ਵੱਲੋਂ ਮਿਲੀ ਸਵਾਸਾਂ ਦੀ ਪੂੰਜੀ ਨੂੰ ਅਸੀਂ ਆਪਣੇ ਲੋਭ ਮੋਹ ਲਾਲਚ ਵਿੱਚ ਹੀ ਖਰਚ ਕਰ ਦਿੰਦੇ ਹਾਂ ਇਸ ਦਾ ਸਿੱਧਾ ਜਿਹਾ ਮਤਲਬ ਕਿ ਗੁਰੂ ਨਾਨਕ ਸਾਹਿਬ ਵੱਲੋਂ ਉਚਾਰਨ ਕੀਤੀ ਗਈ ਗੁਰਬਾਣੀ ਤੋਂ ਇਨਸਾਨ ਨੇ ਦੂਰੀ ਬਣਾਈ ਹੋਈ ਹੈ ਅਤੇ ਅੱਜ ਦੀ ਦੌੜ ਵਿੱਚ ਬੇਸ਼ੱਕ ਪੈਸਾ ਮਨੁੱਖ ਦੀ ਜ਼ਰੂਰਤ ਬਣ ਚੁੱਕਾ ਹੈ ਅਤੇ ਸਿਰਫ਼ ਮਨੁੱਖ ਪੈਸਾ ਇਕੱਠਾ ਕਰਨ ਵਿੱਚ ਲੱਗਾ ਹੋਇਆ ਹੈ ਅਤੇ ਹਰ ਜਗ੍ਹਾ ਤੇ ਪੈਸਾ ਹੀ ਦੇ ਕਿ ਸੁਖ ਭਾਲਦਾ ਹੈ ਅਸਲ ਵਿੱਚ ਇਹ ਸਭ ਕੁੱਝ ਸ੍ਰੀ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਸਿਧਾਂਤਾਂ ਤੋਂ ਉਲਟ ਹੈ ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਕਰਦਿਆਂ ਹੋਇਆਂ ਕੁੱਝ ਹਫ਼ਤਿਆਂ ਲਈ ਅਮਰੀਕਾ ਤੋਂ ਭਾਰਤ ਪਹੁੰਚੇ ਬਾਬਾ ਰਾਮ ਸਿੰਘ ਜੀ ਨੇ ਅੱਗੇ ਕਿਹਾ ਕਿ ਜੇਕਰ ਇਨਸਾਨ ਨੇ ਦੁਖਾਂ ਦਾ ਨਾਸ਼ ਕਰਨਾ ਹੈ ਤਾਂ ਸਾਨੂੰ ਗੁਰਬਾਣੀ ਗਾ ਕਿ ਆਪਣੇ ਹੀ ਕੰਨਾਂ ਨਾਲ ਸੁਣ ਕਿ ਆਪਣੇ ਜੀਵਨ ਨੂੰ ਜਿਊਣਾ ਪਵੇਗਾ।

ਇਸ ਸਬੰਧੀ ਜਦੋਂ ਪੱਤਰਕਾਰਾਂ ਵੱਲੋਂ ਬਾਬਾ ਰਾਮ ਸਿੰਘ ਜੀ ਨਾਲ ਵੀਚਾਰ ਸਾਂਝੇ ਕੀਤੇ ਗਏ ਤਾਂ ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਜੀ ਦੀ ਬਾਣੀ ਸਾਨੂੰ ਜੀਵਨ ਜਾਚ ਦੱਸਦੀ ਹੈ ਅਤੇ ਗੁਰਬਾਣੀ ਪੜ੍ਹ ਸੁਣ ਕਿ ਅਸੀਂ ਆਪਣੇ ਦੁਖਾਂ ਦਾ ਨਾਸ਼ ਕਰ ਸਕਦੇ ਹਾਂ ਇਸ ਸਬੰਧੀ ਅਨੇਕਾਂ ਇਤਿਹਾਸਕ ਮਿਸਾਲਾਂ ਹਨ ਜਿਨ੍ਹਾਂ ਦੀ ਜਾਣਕਾਰੀ ਸਾਨੂੰ ਇਤਿਹਾਸ ਪੜ੍ਹ ਕੇ ਹੀ ਚੱਲੇਗੀ ਪਰ ਅਸੀਂ ਆਪਣੇ ਨਾਲ ਕੁੱਝ ਹੱਡਬੀਤੀਆਂ ਜ਼ਰੂਰ ਸੰਗਤਾਂ ਨਾਲ ਗੁਰਬਾਣੀ ਕੈਂਪਾਂ ਰਾਹੀਂ ਸਾਂਝੀਆਂ ਕਰ ਰਹੇ ਹਾਂ ਅਤੇ ਅਸੀਂ ਸੰਗਤਾਂ ਨੂੰ ਗੁਰੂ ਸਾਹਿਬ ਵੱਲੋਂ ਉਚਾਰਨ ਕੀਤੀ ਗਈ ਧੁਰ ਕੀ ਬਾਣੀ ਸ਼ਰਵਨ ਕਰਨ ਲਈ ਬੇਨਤੀ ਵੀ ਕਰਦੇ ਹਾਂ ਕਿ ਗੁਰੂ ਸਾਹਿਬ ਜੀ ਨੇ ਗੁਰਬਾਣੀ ਦਾ ਵਡਮੁੱਲਾ ਅਨਮੋਲ ਖ਼ਜ਼ਾਨਾ ਸਾਨੂੰ ਬਖਸ਼ਿਆ ਹੈ ਜਿਸ ਖ਼ਜ਼ਾਨੇ ਦੀ ਪ੍ਰਾਪਤੀ ਸਾਨੂੰ ਬਾਣੀ ਪੜ੍ਹ ਕੇ ਹੋਵੇਗੀ ਗੁਰੂ ਸਾਹਿਬ ਜੀ ਨੇ ਦੁਖਆਰਿਆਂ ਲਈ ਅਨੇਕਾਂ ਫ਼ੁਰਮਾਨ ਗੁਰਬਾਣੀ ਵਿੱਚ ਉਚਾਰਨ ਕੀਤੇ ਹਨ ਜੋ ਹਰੇਕ ਇਨਸਾਨ ਸਮਝ ਸਕਦਾ ਹੈ ਜਿਵੇਂ ਕਿ ਸਰਬ ਰੋਗ ਕਾ ਅਉਖਦੁ ਨਾਮੁ , ਕਲਿਆਣ ਰੂਪ ਮੰਗਲ ਗੁਣ ਗਾਮਿ ਭਾਵ ਕਿ ਸਾਰਿਆਂ ਦੁਖਾਂ ਦੀ ਦਵਾਈ ਨਾਮ ਹੈ ਅੱਗੇ ਬਾਬਾ ਰਾਮ ਸਿੰਘ ਜੀ ਨੇ ਕਿਹਾ ਕਿ ਇਨਸਾਨ ਨੂੰ ਜਦੋਂ ਪਰਮਾਤਮਾ ਨੇ ਦੁਖਾਂ ਤੋਂ ਰਹਿਤ ਰੱਖਿਆ ਹੁੰਦਾ ਹੈ ਉਦੋਂ ਇਨਸਾਨ ਪ੍ਰਮਾਤਮਾ ਅੱਲਾ ਵਾਹਿਗੁਰੂ ਰਾਮ ਜੀ ਨੂੰ ਭੁੱਲ ਜਾਂਦਾ ਹੈ ਅਤੇ ਜਦੋਂ ਥੋੜ੍ਹਾ ਦੁੱਖ ਆਇਆ ਤਾਂ ਡਾਕਟਰਾਂ ਦੇ ਨਾਲ ਠੀਕ ਕਰਨ ਦਾ ਸੌਦਾ ਕਰਕੇ ਉਲਟ ਦੁਖ ਨੂੰ ਖਤਮ ਕਰਨ ਲਈ ਪਰਮਾਤਮਾ ਨਾਲ ਵੀ ਸੁਖਾਂ ਸੁਖ ਕਿ ਸੌਦਾ ਕਰਦਾ ਹੈ ਜੇਕਰ ਸੁਖ ਦੇ ਸਮੇਂ ਗੁਰਬਾਣੀ ਉਚਾਰਨ ਕਰਕੇ ਬਾਣੀ ਨਾਲ ਪਿਆਰ ਪਾਇਆ ਹੋਵੇ ਤਾਂ ਵੱਡੇ ਤੋਂ ਵੱਡਾ ਦੁਖ ਤਿਲ਼ ਵਿੱਚ ਕੱਟਿਆ ਜਾਂਦਾ ਹੈ ਇਸ ਲਈ ਸੁਖਾਂ ਨੂੰ ਪ੍ਰਾਪਤ ਕਰਨ ਲਈ ਸਾਨੂੰ ਬੀਤੇ ਸਮੇਂ ਦੌਰਾਨ ਹਰੇਕ ਉਹ ਗੱਲ ਜਿਸ ਨੇ ਪ੍ਰਮਾਤਮਾ ਨਾਲੋਂ ਸਾਡੀ ਦੂਰੀ ਬਣਾਈ ਹੋਈ ਸੀ ਉਸ ਨੂੰ ਭੁੱਲ ਕਿ ਬਾਣੀ ਗਾਉਣ ਅਤੇ ਕੰਨਾਂ ਨਾਲ ਸੁਣਨ ਵੱਲ ਕਦਮ ਪੁੱਟਣਾ ਚਾਹੀਦਾ ਹੈ ਆਉਣ ਵਾਲੇ ਦਿਨਾਂ ਵਿੱਚ ਜਲਦੀ ਹੀ ਜੰਡਿਆਲਾ ਗੁਰੂ ਵਿਖੇ ਸੰਗਤਾਂ ਨਾਲ ਸਨਮੁੱਖ ਹੋ ਕਿ ਗੁਰਬਾਣੀ ਦੂਖ ਨਿਵਾਰਨ ਕੈਂਪ ਲਗਾਇਆ ਜਾਵੇਗਾ ਅਤੇ ਗੁਰਬਾਣੀ ਦੀ ਮਹਿਮਾਂ ਸੰਗਤਾਂ ਨਾਲ ਸਾਂਝੀ ਕੀਤੀ ਜਾਵੇਗੀ। ਆਖ਼ਰ ਵਿੱਚ ਬਾਬਾ ਬਿਬੇਕ ਸਿੰਘ ਮੁੱਖ ਸੇਵਾਦਾਰ ਗੁਰਦੁਆਰਾ ਨਾਨਕਸਰ ਸਾਹਿਬ ਨਾਨਕਸਰ ਨਗਰ ਜੰਡਿਆਲਾ ਗੁਰੂ ਨੇ ਕਿਹਾ ਕਿ ਲੰਮੇ ਸਮੇਂ ਤੋਂ ਗੁਰਬਾਣੀ ਦੂਖ ਨਿਵਾਰਨ ਕੈਂਪ ਘਰਾਂ ਵਿੱਚ ਭੇਟਾ ਰਹਿਤ ਫ੍ਰੀ ਲਗਾਏ ਜਾ ਰਹੇ ਹਨ ਅਤੇ ਇਲਾਕੇ ਦੀਆਂ ਸੰਗਤਾਂ ਇਸ ਦਾ ਲਾਹਾ ਪ੍ਰਾਪਤ ਕਰ ਰਹੀਆਂ ਹਨ। ਅੱਗੇ ਬਾਬਾ ਬਿਬੇਕ ਸਿੰਘ ਨੇ ਕਿਹਾ ਕਿ 10 ਮਾਰਚ ਦਿਨ ਸੋਮਵਾਰ ਨੂੰ ਸਵੇਰੇ 9 ਵਜੇ ਤੋਂ ਲੈਕੇ 11 ਵਜ਼ੇ ਤੱਕ ਦੂਖ ਨਿਵਾਰਨ ਕੈਂਪ ਜੰਡਿਆਲਾ ਗੁਰੂ ਵੈਰੋਵਾਲ ਰੋਡ ਇੰਡੀਅਨ ਪਟਰੋਲ ਪੰਪ ਦੇ ਨਜ਼ਦੀਕ ਲਗਾਇਆ ਜਾਵੇਗਾ। ਸਮੂਹ ਸੰਗਤਾਂ ਨੂੰ ਬੇਨਤੀ ਹੈ ਕਿ ਗੁਰਬਾਣੀ ਕੈਂਪ ਵਿੱਚ ਹਾਜ਼ਰੀਆਂ ਭਰ ਕੇ ਗੁਰੂ ਸਾਹਿਬ ਜੀ ਦੀਆਂ ਖ਼ੁਸ਼ੀਆਂ ਪ੍ਰਾਪਤ ਕਰੋ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243





ਅੱਜ 3 ਮਾਰਚ ਨੂੰ ਬਰਸੀ 'ਤੇ ਵਿਸ਼ੇਸ਼

# ਡਾ: ਮਹਿੰਦਰ ਸਿੰਘ ਰੰਧਾਵਾ ਨੂੰ ਯਾਦ ਕਰਦਿਆਂ

-ਭਗਵਾਨ ਸਿੰਘ ਜੌਹਲ
bhagwansinghjohal@gmail.com



**ਪੰਜਾਬ** ਦੇ ਸੱਭਿਆਚਾਰ ਨੂੰ ਦਿਲ ਦੀ ਗਹਿਰਾਈਆਂ ਤੋਂ ਸਨੇਹ ਕਰਨ ਵਾਲੇ, ਪੰਜਾਬ ਲਈ ਆਧੁਨਿਕ ਦਿੱਖ ਵਾਲਾ ਸ਼ਹਿਰ ਚੰਡੀਗੜ੍ਹ ਵਸਾਉਣ ਵਾਲੇ ਅਤੇ ਪੰਜਾਬ ਦੀ ਵੰਡ ਕਾਰਨ ਬੇਘਰ ਹੋਏ ਪੰਜਾਬੀਆਂ ਦਾ ਪੁਨਰ ਵਸੇਵਾ ਕਰਵਾਉਣ ਵਾਲੇ ਡਾ: ਮਹਿੰਦਰ ਸਿੰਘ ਰੰਧਾਵਾ ਦਾ ਜਨਮ 2 ਜਨਵਰੀ, 1909 ਈ: ਨੂੰ ਜ਼ਿਲ੍ਹਾ ਹੁਸ਼ਿਆਰਪੁਰ ਦੇ ਪਿੰਡ ਬੋਦਲ ਵਿਖੇ ਸ: ਸ਼ੇਰ ਸਿੰਘ ਰੰਧਾਵਾ ਅਤੇ ਮਾਤਾ ਬਚਿੰਤ ਕੌਰ ਦੇ ਗ੍ਰਹਿ ਵਿਖੇ ਹੋਇਆ । ਜਨਮ ਸਮੇਂ ਮਾਤਾ ਜੀ ਅਤੇ ਪਿਤਾ ਜੀ ਫਿਰੋਜ਼ਪੁਰ ਜ਼ਿਲ੍ਹੇ ਦੇ ਕਸਬਾ ਜ਼ੀਰਾ ਵਿੱਚ ਰਹਿ ਰਹੇ ਸਨ । ਸਕੂਲ ਦੀ ਪੜ੍ਹਾਈ ਪਿੱਛੋਂ ਉਹ ਲਾਹੌਰ ਚਲੇ ਗਏ । ਪੰਜਾਬ ਯੂਨੀਵਰਸਿਟੀ ਲਾਹੌਰ ਤੋਂ ਐੱਮ ਐੱਸ ਸੀ। ਬੌਟਨੀ ਦਾ ਇਮਤਿਹਾਨ 1930 ਈ: ਵਿੱਚ ਪਾਸ ਕੀਤਾ । ਡਾ: ਮਹਿੰਦਰ ਸਿੰਘ ਰੰਧਾਵਾ 1934 ਈ: ਵਿੱਚ ਆਈ ਸੀ ਐੱਸ। (ਭਾਰਤੀ ਸਿਵਿਲ ਸੇਵਾਵਾਂ) ਲਈ ਚੁਣੇ ਗਏ । ਆਈ ਸੀ ਐੱਸ। ਦੀ ਚੋਣ ਤੋਂ ਪਿੱਛੋਂ ਉਨ੍ਹਾਂ ਦੀ ਉੱਤਰ ਪ੍ਰਦੇਸ਼ ਵਰਗੇ ਵੱਡੇ ਰਾਜ ਵਿੱਚ ਵੱਖ-ਵੱਖ ਪ੍ਰਬੰਧਕੀ ਅਹੁਦਿਆਂ 'ਤੇ ਨਿਯੁਕਤੀ ਹੁੰਦੀ ਰਹੀ । ਦੇਸ਼ ਦੀ ਅਜ਼ਾਦੀ ਤੋਂ ਪਹਿਲਾਂ 1946 ਈ: ਵਿੱਚ ਦੋ ਸਾਲ ਦਿੱਲੀ ਸ਼ਹਿਰ ਦੇ ਡਿਪਟੀ ਕਮਿਸ਼ਨਰ ਵੀ ਰਹੇ ।

ਆਵਾਜ਼ਿ ਕੌਮ AWAZE QAUM International Newspaper & WEB TV

ਦੇਸ਼ ਦੀ ਅਜ਼ਾਦੀ ਤੋਂ ਪਿੱਛੋਂ ਦੇਸ਼ ਦੇ ਬਟਵਾਰੇ ਸਮੇਂ ਉਜੜ ਕੇ ਆਏ ਸ਼ਰਨਾਰਥੀਆਂ ਦੇ ਪੁਨਰਵਾਸ ਸਬੰਧੀ ਮਹਿਕਮੇ ਦੇ 1949 ਤੋਂ 1951 ਈ: ਤੱਕ ਡਾਇਰੈਕਟਰ ਜਨਰਲ ਵਜੋਂ ਤਾਇਨਾਤ ਰਹੇ । 1955 ਈ: ਤੋਂ 1966 ਈ: ਤੱਕ ਡਾ: ਰੰਧਾਵਾ ਨਵੀਂ ਦਿੱਲੀ ਵਿਖੇ ਇੰਡੀਅਨ ਐਗਰੀਕਲਚਰ ਕੌਂਸਲ ਦੇ ਉਪ-ਪ੍ਰਧਾਨ, ਯੋਜਨਾ ਕਮਿਸ਼ਨਰ ਦੇ ਕੁਦਰਤੀ ਸਾਧਨਾਂ ਸਬੰਧੀ ਸਲਾਹਕਾਰ ਤੋਂ ਇਲਾਵਾ ਖੁਰਾਕ ਅਤੇ ਖੇਤੀਬਾੜੀ ਮੰਤਰਾਲੇ ਵਿੱਚ ਸਕੱਤਰ ਦੇ ਜ਼ਿੰਮੇਵਾਰ ਅਹੁਦਿਆਂ 'ਤੇ ਸੁਸ਼ੋਭਿਤ ਰਹੇ ।

1966 ਈ: ਵਿੱਚ ਡਾ: ਰੰਧਾਵਾ ਕੇਂਦਰੀ ਸ਼ਾਸਤ ਖੇਤਰ ਚੰਡੀਗੜ੍ਹ ਦੇ ਚੀਫ਼ ਕਮਿਸ਼ਨਰ ਬਣੇ । ਇਸ ਤੋਂ ਛੇਤੀ ਪਿੱਛੋਂ 1968 ਈ: ਵਿੱਚ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਦੇ ਵਾਈਸ-ਚਾਂਸਲਰ ਨਿਯੁਕਤ ਹੋਏ । ਪੰਜਾਬ ਦੀ ਖੇਤੀ ਨੂੰ ਆਧੁਨਿਕ ਯੁੱਗ ਦੇ ਹਾਣ ਦਾ ਬਨਾਉਣ ਲਈ ਪੰਜਾਬ ਦਾ ਹਰ ਜ਼ਿੰਮੀਂਦਾਰ ਅੱਜ ਵੀ ਉਨ੍ਹਾਂ ਨੂੰ ਯਾਦ ਕਰਦਾ ਹੈ । 1979 ਈ: ਵਿੱਚ ਇਨ੍ਹਾਂ ਜ਼ਿੰਮੇਵਾਰ ਸਰਕਾਰੀ ਅਹੁਦਿਆਂ ਤੋਂ ਸੇਵਾ-ਮੁਕਤ ਹੋਏ । ਡਾ: ਮਹਿੰਦਰ ਸਿੰਘ ਰੰਧਾਵਾ ਪੰਜਾਬੀ ਮਾਂ-ਬੋਲੀ ਅਤੇ ਪੰਜਾਬੀ ਸੱਭਿਆਚਾਰ ਦਾ ਅਜਿਹਾ ਲਾਡਲਾ ਸਪੁੱਤਰ ਸੀ, ਜਿਸ ਨੇ ਖੇਤੀਬਾੜੀ, ਬਨਸਪਤੀ, ਵਿਗਿਆਨ, ਇਤਿਹਾਸ, ਸਮਾਜਿਕ ਵਿਗਿਆਨ, ਪੇਂਡੂ ਵਿਕਾਸ, ਸਾਹਿਤ, ਸੱਭਿਆਚਾਰ, ਲੋਕਧਾਰਾ, ਪਹਾੜੀ ਚਿੱਤਰਕਲਾ ਖਾਸ ਕਰਕੇ ਕਾਂਗੜਾ ਚਿੱਤਰਕਲਾ ਸਬੰਧੀ ਅੰਗ੍ਰੇਜ਼ੀ, ਪੰਜਾਬੀ ਅਤੇ ਹੋਰ ਭਾਸ਼ਾਵਾਂ ਵਿੱਚ ਮਹੱਤਵਪੂਰਨ ਪੁਸਤਕਾਂ ਦੀ ਸਿਰਜਣਾ ਕਰਕੇ ਵੱਡਮੁੱਲਾ ਯੋਗਦਾਨ ਪਾਇਆ ।

ਡਾ: ਰੰਧਾਵਾ ਨੇ ਪੰਜਾਬ ਦੇ ਲੋਕ ਗੀਤ, ਕਾਂਗੜਾ ਦੇ ਲੋਕ ਗੀਤ, ਹਰਿਆਣਾ ਦੇ ਲੋਕ ਗੀਤ, ਪ੍ਰੀਤ ਕਹਾਣੀਆਂ, ਪੰਜਾਬੀ ਲੋਕ ਗੀਤ ਪੁਸਤਕਾਂ ਲਿਖ ਕੇ ਪੰਜਾਬੀ ਮਾਂ-ਬੋਲੀ ਪ੍ਰਤੀ ਅਥਾਹ ਸਨੇਹ ਅਤੇ ਪਿਆਰ ਦਾ ਪ੍ਰਗਟਾਵਾ ਕੀਤਾ । ਇਸ ਤੋਂ ਇਲਾਵਾ ਉਨ੍ਹਾਂ ਪੰਜਾਬੀ ਵਿੱਚ ਹੀ ਪੰਜਾਬ, ਪ੍ਰੋ: ਪੂਰਨ ਸਿੰਘ ਜੀਵਨੀ ਅਤੇ ਕਵਿਤਾ, ਪੂਰਨ ਸਿੰਘ ਵਾਰਤਕ, ਕਾਂਗੜਾ ਕਲਾ ਅਤੇ ਲੋਕ ਗੀਤ ਪੁਸਤਕਾਂ ਵੀ ਪਾਠਕਾਂ ਦੀ ਝੋਲੀ ਪਾਈਆਂ । 1983 ਈ: ਵਿੱਚ ਡਾ: ਰੰਧਾਵਾ ਨੇ ਆਪ-ਬੀਤੀ ਸਿਰਲੇਖ ਹੇਠ ਆਪਣੀ ਸਵੈ-ਜੀਵਨੀ ਵੀ ਪ੍ਰਕਾਸ਼ਿਤ ਕਰਵਾਈ । 1972 ਈ: ਵਿੱਚ ਡਾ: ਰੰਧਾਵਾ ਨੂੰ ਪਦਮ ਵਿਭੂਸ਼ਨ ਨਾਲ ਸਨਮਾਨਿਤ ਕੀਤਾ ਗਿਆ । ਪੰਜਾਬ, ਪੰਜਾਬੀ ਅਤੇ ਪੰਜਾਬੀਅਤ ਦਾ ਇਹ ਲਾਡਲਾ ਸਪੁੱਤਰ 3 ਮਾਰਚ 1986 ਈ: ਨੂੰ ਸਦੀਵੀ ਵਿਛੋੜਾ ਦੇ ਕੇ ਹਮੇਸ਼ਾਂ ਲਈ ਸਾਡੇ ਤੋਂ ਉਹਲੇ ਹੋ ਗਿਆ । ਉਨ੍ਹਾਂ ਨੂੰ ਅੱਜ ਵੀ ਹਰ ਸੱਚਾ-ਸੁੱਚਾ ਪੰਜਾਬੀ ਸ਼ਿਦਤ ਨਾਲ ਯਾਦ ਕਰਦਾ ਹੈ।



ਤਖਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਬਿਹਾਰ ਵਿਖੇ ਜਥੇਦਾਰ ਬਾਬਾ ਨਛੱਤਰ ਸਿੰਘ ਜੀ ਅਤੇ ਬਾਬਾ ਸੱਜਣ ਸਿੰਘ ਜੀ

# ਦਰਸ਼ਨ ਦੀਦਾਰੇ ਕਰਕੇ ਵਾਪਸ ਪਰਤੇ

☛ ਗੁਰਦੁਆਰਾ ਬਾਲ ਲੀਲਾ ਮੈਣੀ ਸੰਗਤ ਵਿਖੇ ਜੱਥੇਦਾਰ ਬਾਬਾ ਨੱਛਤਰ ਸਿੰਘ ਜੀ ਅਤੇ ਬਾਬਾ ਸੱਜਣ ਸਿੰਘ ਜੀ ਨੇ ਕਥਾ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਅਤੇ ਸਰਬੱਤ ਦੇ ਭਲੇ ਲਈ ਅਰਦਾਸ ਬੇਨਤੀ ਕੀਤੀ।

☛ ਤਖਤ ਸਾਹਿਬ ਵੱਲੋਂ ਪਹੁੰਚੇ ਸਮੂਹ ਪਤਵੰਤਿਆਂ ਦਾ ਜੋਸ਼ੋ ਖਰੋਸ਼ ਨਾਲ ਸਨਮਾਨ ਕੀਤਾ ਗਿਆ















(ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ) ਇੰਟਰਨੈਸ਼ਨਲ ਪੰਥਕ ਦਲ ਦੇ ਸਰਪ੍ਰਸਤ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਪੰਜ ਤਖਤਾਂ ਦੀ ਯਾਤਰਾ ਵਾਸਤੇ ਦਰਸ਼ਨ ਦੀਦਾਰਿਆਂ ਵਾਸਤੇ ਜੱਥਾ ਭੇਜਿਆ ਗਿਆ।ਜਿਸ ਵਿੱਚ ਵਿਸ਼ੇਸ਼ ਤੌਰ ਤੇ ਭਾਈ ਰਘਬੀਰ ਸਿੰਘ ਜੀ ਮਾਲੜੀ ਯੂਕੇ ਵਿਸ਼ੇਸ਼ ਤੌਰ ਤੇ ਹਾਜਰ ਹੋਏ। ਨਾਲ ਹੀ ਇੰਟਰਨੈਸ਼ਨਲ ਪੰਥਕ ਦਲ ਅਸਟਰੀਆ ਯੂਰਪ ਦੇ ਪ੍ਰਧਾਨ ਜਥੇਦਾਰ ਬਾਬਾ ਨਛੱਤਰ ਸਿੰਘ ਜੀ ਭੈਣੀ ਮੱਸਾ ਸਿੰਘ,ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਚੀਫ ਐਡਵਾਈਜ਼ਰ ਪੰਜਾਬ, ਭਾਈ ਗੁਰਭੇਜ ਸਿੰਘ ਜੀ ਭੈਣੀ ਮੱਸਾ ਸਿੰਘ ਜ਼ਿਲ੍ਹਾ ਪ੍ਰਧਾਨ ਤਰਨਤਾਰਨ, ਸ੍ਰ ਗੁਰਬਖਸ਼ ਸਿੰਘ ਪੋਤਰਾ ਸ਼ਹੀਦ ਭਾਈ ਸਰਵਣ ਸਿੰਘ ਜੀ ਤਖਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਬਿਹਾਰ ਵਿਖੇ ਦਰਸ਼ਨ ਕਰਨ ਲਈ ਪਹੁੰਚੇ। ਗੁਰਦੁਆਰਾ ਬਾਲ ਲੀਲਾ ਮੈਣੀ ਸੰਗਤ ਵਿਖੇ ਜਥੇਦਾਰ ਬਾਬਾ ਨਛੱਤਰ ਸਿੰਘ ਜੀ ਭੈਣੀ ਮੱਸਾ ਸਿੰਘ ਵਾਲਿਆਂ ਨੇ ਕਥਾ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਨਾਲ ਹੀ ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਵਾਲਿਆਂ ਨੇ ਹਾਜ਼ਰੀ ਭਰੀ। ਜਥੇ ਵੱਲੋਂ ਬੇਅੰਤ ਗੁਰਦੁਆਰਾ ਸਾਹਿਬਾਨਾਂ ਦੇ ਦਰਸ਼ਨਾਂ ਦੀ ਦਾਰੇ ਕੀਤੇ ਗਏ ਅਤੇ ਸਰਬੱਤ ਦੇ ਭਲੇ ਲਈ ਅਰਦਾਸ ਬੇਨਤੀ ਕੀਤੀ। ਭਾਈ ਰਘਬੀਰ ਸਿੰਘ ਜੀ ਮਾਲੜੀ ਯੂਕੇ ਹੁਰਾਂ ਨਾਲ ਮੇਲ ਮਿਲਾਪ ਹੋਇਆ ਅਤੇ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਜੱਥੇਦਾਰ ਬਾਬਾ ਨਛੱਤਰ ਸਿੰਘ ਜੀ ਭੈਣੀ ਮੱਸਾ ਸਿੰਘ ਅਤੇ ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਵਾਲਿਆਂ ਦਾ ਸਨਮਾਨ ਕੀਤਾ ਗਿਆ। ਤਖਤ ਸਾਹਿਬ ਤੋਂ ਪਹੁੰਚੇ ਸਮੂਹ ਪਤਵੰਤਿਆਂ ਦਾ ਜੋਸ਼ੋ ਖਰੋਸ਼ ਸਨਮਾਨ ਕੀਤਾ।ਇਸ ਮੌਕੇ ਭਾਈ ਰਾਜਪਾਲ ਸਿੰਘ ਜੀ ਬੋਪਾਰਾਏ,ਡਾ ਦਲਬੀਰ ਸਿੰਘ, ਭਾਈ ਗਿਆਨ ਸਿੰਘ ਪੰਨੂ,ਡਾ ਪਰਮਿੰਦਰ ਸਿੰਘ ਬਰੜਵਾਲ ਅਤੇ ਹੋਰ ਸੰਗਤਾਂ ਹਾਜਰ ਸਨ। ••

ਆਵਾਜ਼ਿ ਕੌਮ AWAZE QAUM International Newspaper & WEB TV